TOURIST VISA USA CANADA
SCHENGEN/ UK AUSTRALIA/ NZ
263 VISA
ਫਰਵਰੀ 2025 ਮਹੀਨੇ ਵਿਚ ਲੱਗੇ
easyvisa
8195 828282

ਸੱਚ ਤੇ ਨਿਡਰ ਆਵਾਜ਼

# ਰੋਜ਼ਾਨਾ ਲੋਕ ਬਾਣੀ

DAILY LOKBANI JALANDHAR
ਮੁੱਖ ਸੰਪਾਦਕ : ਅਮਨਦੀਪ ਮਹਿਰਾ

ਮੰਗਲਵਾਰ, 06 ਮਈ 2025
Email:- lokbani08@gmail.com

ਰੋਜ਼ਾਨਾ ਲੋਕ ਬਾਣੀ ਨੂੰ ਪੱਤਰਕਾਰਾਂ ਦੀ ਲੋੜ
99155-94111

R. N. I. Punpun/29016/2008 * ਸਾਲ 16 , * ਅੰਕ : 294 * ਮੁੱਲ : 6 ਰੁਪਏ * ਕੁੱਲ ਪੇਜ: 10 * ਦਫਤਰ : 0181-2211009 * M : 99155-94111

ਪੰਜਾਬ ਦੇ ਹਰ ਜ਼ਿਲ੍ਹੇ ਤੋਂ ਰੋਜ਼ਾਨਾ ਲੋਕ ਬਾਣੀ ਅਖ਼ਬਾਰ ਲਈ
ਪੱਤਰਕਾਰਾਂ ਦੀ ਲੋੜ ਹੈ ਚਾਹਵਾਨ ਪੱਤਰਕਾਰ ਸੰਪਰਕ ਕਰਨ ਮੁੱਖ ਦਫਤਰ
ਲੋਕ ਬਾਣੀ ਸੰਗਮ ਕੰਪਲੈਕਸ, ਮਿਲਾਪ ਚੌਕ ਜਲੰਧਰ 99155-94111

## ਦੱਖਣੀ ਏਸ਼ੀਆ 'ਚ ਸ਼ਾਂਤੀ ਤੇ ਸਥਿਰਤਾ ਲਈ ਚੀਨ ਹਮੇਸ਼ਾ ਪਾਕਿ ਨਾਲ: ਚੀਨੀ ਰਾਜਦੂਤ

ਇਸਲਾਮਾਬਾਦ ਲੋਕ ਬਾਣੀ- ਪਹਿਲਗਾਮ ਅੱਤਵਾਦੀ ਹਮਲੇ ਨੂੰ ਲੈ ਕੇ ਇਸਲਾਮਾਬਾਦ ਅਤੇ ਨਵੀਂ ਦਿੱਲੀ ਵਿਚਕਾਰ ਬਣੇ ਹੋਏ ਤਣਾਅ ਦੇ ਦੌਰਾਨ ਪਾਕਿਸਤਾਨ ਦੇ ਰਾਸ਼ਟਰਪਤੀ ਆਸਿਫ ਅਲੀ ਜ਼ਰਦਾਰੀ ਨਾਲ ਮੁਲਾਕਾਤ ਦੌਰਾਨ ਚੀਨੀ ਰਾਜਦੂਤ ਜਿਆਂਗ ਜ਼ੈਦੋਂਗ ਨੇ ਸੋਮਵਾਰ ਨੂੰ ਕਿਹਾ ਕਿ ਦੱਖਣੀ ਏਸ਼ੀਆ ਵਿੱਚ ਸ਼ਾਂਤੀ ਅਤੇ ਸਥਿਰਤਾ ਨੂੰ ਯਕੀਨੀ ਬਣਾਉਣ ਲਈ ਚੀਨ ਹਮੇਸ਼ਾ ਪਾਕਿਸਤਾਨ ਦਾ ਕਰੇਗਾ। ਸਰਕਾਰੀ ਰੇਡੀਓ ਪਾਕਿਸਤਾਨ ਦੀ ਰਿਪੋਰਟ ਅਨੁਸਾਰ ਜਿਆਂਗ



ਨੇ ਰਾਸ਼ਟਰਪਤੀ ਜ਼ਰਦਾਰੀ ਨਾਲ ਮੁਲਾਕਾਤ ਕੀਤੀ ਅਤੇ ਪਾਕਿਸਤਾਨ ਤੇ ਭਾਰਤ ਵਿਚਕਾਰ ਤਣਾਅ ਸਮੇਤ ਵੱਖ-ਵੱਖ ਮੁੱਦਿਆਂ 'ਤੇ ਵਿਚਾਰਾਂ-ਵਟਾਂਦਰਾ ਕੀਤਾ।

## ਕਾਰੋਬਾਰੀ ਹ਼ਫਤੇ ਦੇ ਪਹਿਲੇ ਦਿਨ ਸ਼ੇਅਰ ਮਾਰਕੀਟ ਤੇਜ਼ੀ 'ਚ ਬੰਦ

ਮੁੰਬਈ, ਲੋਕ ਬਾਣੀ- : ਵਿਦੇਸ਼ੀ ਫੰਡਾਂ ਦੇ ਨਿਰੰਤਰ ਪ੍ਰਵਾਹ ਅਤੇ ਵਿਸ਼ਵ ਪੱਧਰ 'ਤੇ ਕੱਚੇ ਤੇਲ ਦੀਆਂ ਕੀਮਤਾਂ ਵਿਚ ਗਿਰਾਵਟ ਨਾਲ ਸੋਮਵਾਰ ਨੂੰ ਇਕੁਇਟੀ ਬੈਂਚਮਾਰਕ ਸੂਚਕ ਸੈਂਸੈਕਸ ਅਤੇ ਨਿਫਟੀ ਤੇਜ਼ੀ ਵਿਚ ਬੰਦ ਹੋਏ। 30-ਸ਼ੇਅਰਾਂ ਵਾਲਾ ਬੀਐੱਸਈ ਬੈਂਚਮਾਰਕ 294.85 ਅੰਕ ਜਾਂ 0.37 ਫੀਸਦੀ ਵਧ ਕੇ 80,796.84 'ਤੇ ਬੰਦ ਹੋਇਆ। ਦਿਨ ਦੌਰਾਨ ਇਹ 547.04 ਅੰਕ ਵਧ ਕੇ 81,049.03 'ਤੇ ਪਹੁੰਚ ਗਿਆ ਸੀ।



ਐੱਨਐੱਸਈ ਨਿਫਟੀ 114.45 ਅੰਕ ਜਾਂ 0.47 ਫੀਸਦੀ ਵਧ ਕੇ 24,461.15 'ਤੇ ਪਹੁੰਚ ਗਿਆ।

## ਕੇਂਦਰ 'ਤੇ ਉਮੀਦਵਾਰ ਨੂੰ 'ਜਨੇਊ' ਉਤਾਰਨ ਲਈ ਕਹਿਣ ਵਾਲੇ ਦੋ ਗ੍ਰਿਫ਼ਤਾਰ

ਕਰਨਾਟਕ ਲੋਕ ਬਾਣੀ ਇਕ ਉਮੀਦਵਾਰ ਨੂੰ 4 ਮਈ ਨੂੰ ਨੀਟ ਟੈਸਟ ਲਈ ਪ੍ਰੀਖਿਆ ਹਾਲ ਵਿਚ ਦਾਖਲ ਹੋਣ ਤੋਂ ਪਹਿਲਾਂ ਕਥਿਤ ਤੌਰ 'ਤੇ 'ਜਨੇਊ'(ਬ੍ਰਾਹਮਣਾਂ ਦੁਆਰਾ ਪਹਿਨਿਆ ਜਾਣ ਵਾਲਾ ਪਵਿੱਤਰ ਧਾਗਾ) ਉਤਾਰਨ ਲਈ ਕਿਹਾ ਗਿਆ ਸੀ, ਜਿਸ ਦੇ ਸਬੰਧ ਵਿਚ ਦੋ ਵਿਅਕਤੀਆਂ ਨੂੰ ਗ੍ਰਿਫ਼ਤਾਰ ਕੀਤਾ ਗਿਆ ਹੈ। ਪੁਲੀਸ ਨੇ ਕਿਹਾ ਕਿ ਉਮੀਦਵਾਰ ਦੀ ਸ਼ਿਕਾਇਤ ਦੇ ਆਧਾਰ 'ਤੇ ਪ੍ਰੀਖਿਆ ਕੇਂਦਰ 'ਤੇ ਤਾਇਨਾਤ



ਦੋ ਸਟਾਫ਼ ਮੈਂਬਰ, ਜਿਨ੍ਹਾਂ ਨੇ ਕਥਿਤ ਤੌਰ 'ਤੇ ਉਸ ਨੂੰ ਡਰਾਇਆ ਧਾਗਾ ਉਤਾਰਨ ਲਈ ਕਿਹਾ ਸੀ, ਖ਼ਿਲਾਫ਼ ਐੱਫਆਈਆਰ ਦਰਜ ਕੀਤੀ ਗਈ ਹੈ।

## ਕੇਂਦਰੀ ਗ੍ਰਹਿ ਮੰਤਰਾਲੇ ਵੱਲੋਂ ਰਾਜਾਂ ਨੂੰ 7 ਮਈ ਨੂੰ ਗੈਰ-ਫੌਜੀ ਰੱਖਿਆ ਮੌਕ ਡਰਿੱਲ ਕਰਨ ਦੀ ਹਦਾਇਤ

ਨਵੀਂ ਦਿੱਲੀ, ਲੋਕ ਬਾਣੀ-ਪਹਿਲਗਾਮ ਦਹਿਸ਼ਤੀ ਹਮਲੇ ਦੀ ਜਵਾਬੀ ਕਾਰਵਾਈ ਦੀ ਤਿਆਰੀ ਵਜੋਂ ਸਰਕਾਰ ਨੇ ਸੋਮਵਾਰ ਨੂੰ ਕਈ ਰਾਜਾਂ ਨੂੰ ਗੈਰ-ਫੌਜੀ ਰੱਖਿਆ ਸਮਰੱਥਾਵਾਂ ਅਤੇ ਇਸ ਦੀ ਕਾਰਗਰਤਾ ਦੀ ਜਾਂਚ ਲਈ 7 ਮਈ ਨੂੰ ਮੌਕ ਡਰਿੱਲ ਕਰਨ ਵਾਸਤੇ ਕਿਹਾ ਹੈ। ਕੇਂਦਰ ਸਰਕਾਰ ਨੇ ਜਿਨ੍ਹਾਂ ਬਹੁਤੇ ਰਾਜਾਂ ਨੂੰ ਆਪਣੀ ਤਿਆਰੀ ਦੀ ਅਜ਼ਮਾਇਸ਼ ਲਈ ਕਿਹਾ ਹੈ, ਉਹ ਜਾਂ ਤਾਂ ਸਰਹੱਦ 'ਤੇ ਹਨ ਜਾਂ ਸਰਹੱਦ ਨੇੜੇ ਹਨ।ਸਿਖਰਲੇ ਅਧਿਕਾਰਤ ਸੂਤਰਾਂ ਨੇ ਕਿਹਾ,



"ਗ੍ਰਹਿ ਮੰਤਰਾਲੇ ਨੇ ਕਈ ਰਾਜਾਂ ਨੂੰ 7 ਮਈ ਨੂੰ ਪ੍ਰਭਾਵਸ਼ਾਲੀ ਸਿਵਲ ਰੱਖਿਆ ਲਈ ਅਭਿਆਸ ਕਰਨ ਵਾਸਤੇ ਕਿਹਾ ਹੈ।"

## ਨਵੇਂ ਸੀਬੀਆਈ ਡਾਇਰੈਕਟਰ ਦੀ ਨਿਯੁਕਤੀ ਲਈ ਕਵਾਇਦ ਸ਼ੁਰੂ

ਨਵੀਂ ਦਿੱਲੀ, ਲੋਕ ਬਾਣੀ -ਨਵੇਂ ਸੀਬੀਆਈ ਡਾਇਰੈਕਟਰ ਦੀ ਨਿਯੁਕਤੀ ਲਈ ਕਵਾਇਦ ਸ਼ੁਰੂ ਹੋ ਗਈ ਹੈ। ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਸੋਮਵਾਰ ਨੂੰ ਸੀਬੀਆਈ ਡਾਇਰੈਕਟਰ ਦੀ ਨਿਯੁਕਤੀ ਲਈ ਗਠਿਤ ਕਮੇਟੀ ਦੀ ਮੀਟਿੰਗ ਦੀ ਪ੍ਰਧਾਨਗੀ ਕੀਤੀ। ਬੈਠਕ ਵਿਚ ਲੋਕ ਸਭਾ ਵਿਚ ਵਿਰੋਧੀ ਧਿਰ ਦੇ ਆਗੂ ਰਾਹੁਲ ਗਾਂਧੀ ਤੇ ਭਾਰਤ ਦੇ ਚੀਫ਼



ਜਸਟਿਸ ਸੰਜੀਵ ਖੰਨਾ ਵੀ ਸ਼ਾਮਲ ਹੋਏ। ਮੀਟਿੰਗ ਸੋਮਵਾਰ ਸ਼ਾਮ ਨੂੰ ਇਥੇ ਪ੍ਰਧਾਨ ਮੰਤਰੀ ਦਫ਼ਤਰ ਵਿਚ ਹੋਈ।

## ਪਾਕਿਸਤਾਨ ਨੇ ਪਹਿਲਗਾਮ ਤੋਂ ਬਾਅਦ ਦੂਜਾ ਮਿਜ਼ਾਈਲ ਪ੍ਰੀਖਣ ਕੀਤਾ

ਇਸਲਾਮਾਬਾਦ, ਲੋਕ ਬਾਣੀ-- ਪਾਕਿਸਤਾਨ ਨੇ ਅੱਜ ਆਪਣੀ ਫਤਹਿ ਲੜੀ ਦੀ ਸਤ੍ਹਾ ਤੋਂ ਸਤ੍ਹਾ ਤੱਕ ਮਾਰ ਕਰਨ ਵਾਲੀ ਮਿਜ਼ਾਈਲ ਦਾ ਸਿਖਲਾਈ ਪ੍ਰੀਖਣ ਕੀਤਾ ਜੋ ਕਿ ਪਹਿਲਗਾਮ ਅੱਤਵਾਦੀ ਹਮਲੇ ਤੋਂ ਬਾਅਦ ਆਪਣਾ ਦੂਜਾ ਮਿਜ਼ਾਈਲ ਪ੍ਰੀਖਣ ਹੈ। 120 ਕਿਲੋਮੀਟਰ ਦੀ ਰੇਂਜ ਵਾਲੀ ਇਹ



ਮਿਜ਼ਾਈਲ, ਉਸ ਦੇ ਚੱਲ ਰਹੇ ਫੌਜੀ ਅਭਿਆਸ ਸਿੰਧੂ ਦੇ ਹਿੱਸੇ ਵਜੋਂ ਲਾਂਚ ਕੀਤੀ ਗਈ ਸੀ।

## ਰੂਸ-ਯੂਕਰੇਨ ਯੁੱਧ ਦੌਰਾਨ ਲਾਪਤਾ ਹੋਏ ਨੌਜਵਾਨਾਂ ਦੇ ਪਰਿਵਾਰਕ ਮੈਂਬਰ ਵਿਦੇਸ਼ ਮੰਤਰਾਲੇ ਨੂੰ ਮਿਲੇ

ਜਲੰਧਰ, ਲੋਕ ਬਾਣੀ ਭਾਰਤੀ ਵਿਦੇਸ਼ ਮੰਤਰਾਲੇ ਨੇ ਅੱਜ ਉਨ੍ਹਾਂ ਲੋਕਾਂ ਦੇ ਪਰਿਵਾਰਕ ਮੈਂਬਰਾਂ ਨਾਲ ਮੁਲਾਕਾਤ ਕੀਤੀ ਜੋ ਕਿ ਰੂਸ-ਯੂਕਰੇਨ ਯੁੱਧ ਦੌਰਾਨ ਰੂਸੀ ਫੌਜ ਵਿਚ ਭਰਤੀ ਹੋਏ ਸਨ ਜਾਂ ਲਾਪਤਾ ਹੋ ਗਏ ਸਨ ਅਤੇ ਉਨ੍ਹਾਂ ਨੇ ਵਿਦੇਸ਼ ਮੰਤਰਾਲੇ ਦੇ ਡਾਇਰੈਕਟਰ ਰਾਜੇਸ਼ ਪਾਂਡੇ ਅਤੇ ਹੋਰ ਅਧਿਕਾਰੀਆਂ ਨਾਲ 1 ਘੰਟੇ ਦੀ ਗੱਲਬਾਤ ਕੀਤੀ। ਇਸ ਮੁਲਾਕਾਤ ਵਿਚ ਵਿਦੇਸ਼ ਮੰਤਰਾਲੇ ਦੇ ਅਧਿਕਾਰੀਆਂ ਨੇ ਪਰਿਵਾਰਕ ਮੈਂਬਰਾਂ ਨੂੰ ਭਰੋਸਾ ਦਿੱਤਾ ਕਿ ਭਾਰਤ ਸਰਕਾਰ ਵਲੋਂ ਉਨ੍ਹਾਂ ਦੀ ਪੂਰੀ ਮਦਦ ਕੀਤੀ



ਜਾਵੇਗੀ ਪਰ ਜਿੰਨਾ ਚਿਰ ਜੰਗ ਜਾਰੀ ਹੈ, ਹਾਲਾਤ ਅਨੁਸਾਰ ਕਾਰਵਾਈ ਕੀਤੀ ਜਾਵੇਗੀ। ਪਰਿਵਾਰਕ ਮੈਂਬਰਾਂ ਨੇ ਜਾਅਲੀ ਟਰੈਵਲ ਏਜੰਟਾਂ ਬਾਰੇ ਜਾਣਕਾਰੀ ਦਿੱਤੀ ਅਤੇ ਵਿਦੇਸ਼ ਮੰਤਰਾਲੇ ਦੇ ਅਧਿਕਾਰੀਆਂ ਨੂੰ ਸਬੂਤ ਦਿੱਤੇ।

## ਗੋਇੰਦਵਾਲ ਦੇ ਪਿੰਡ ਭਲਾਈਪੁਰ ਡੋਗਰਾ 'ਚ ਨੌਜਵਾਨ ਦਾ ਕਤਲ

ਸ੍ਰੀ ਗੋਇੰਦਵਾਲ ਸਾਹਿਬ, ਲੋਕ ਬਾਣੀ- ਥਾਣਾ ਵੈਰੋਵਾਲ ਅਧੀਨ ਆਉਂਦੇ ਪਿੰਡ ਭਲਾਈਪੁਰ ਡੋਗਰਾ 'ਚ ਰੰਜਿਸ਼ ਦੇ ਚੱਲਦਿਆਂ ਨੌਜਵਾਨ ਦਾ ਕਤਲ ਕਰ ਦਿੱਤਾ ਗਿਆ। ਮ੍ਰਿਤਕ ਦੀ ਮਾਂ ਮਨਜੀਤ ਕੌਰ ਨੇ ਦੱਸਿਆ ਕਿ ਉਹ ਪਿੰਡ ਲਿੱਧੜ ਦੇ ਰਹਿਣ ਵਾਲੇ ਹਨ ਅਤੇ ਪਿੰਡ ਦੇ ਹੀ ਕੁਝ ਨੌਜਵਾਨ ਉਸ ਦੇ ਲੜਕੇ ਅਰਸ਼ਦੀਪ ਸਿੰਘ ਨਾਲ ਝਗੜੇ ਸਬੰਧੀ ਰੰਜਿਸ਼ ਰੱਖਦੇ ਸਨ। ਇਸ ਕਰਕੇ ਉਸ ਦੇ ਲੜਕੇ ਨੂੰ ਲਗਾਤਾਰ ਮਾਰ ਦੇਣ ਦੀਆਂ ਧਮਕੀਆਂ ਮਿਲ ਰਹੀਆਂ ਸਨ। ਮੁਲਜ਼ਮਾਂ ਨੇ ਐਤਵਾਰ ਨੂੰ ਪਿੰਡ



ਭਲਾਈਪੁਰ ਡੋਗਰਾ ਦੇ ਬੱਸ ਅੱਡੇ 'ਤੇ ਉਸ ਦੇ ਲੜਕੇ ਅਰਸ਼ਦੀਪ ਸਿੰਘ (25) ਦਾ ਤੇਜ਼ਧਾਰ ਹਥਿਆਰਾਂ ਨਾਲ ਬੇਰਹਿਮੀ ਨਾਲ ਕਤਲ ਕਰ ਦਿੱਤਾ।

## ਟਰਾਂਸਫਾਰਮਰ ਦਾ ਸਾਮਾਨ ਚੋਰੀ

ਜਲੰਧਰ: ਲੋਕ ਬਾਣੀ-- ਆਦਮਪੁਰ ਦੇ ਪਿੰਡ ਕਡਿਆਣਾ 'ਚੋਂ ਬੀਤੀ ਰਾਤ ਪਾਣੀ ਵਾਲੀ ਮੋਟਰ ਦੇ ਟਰਾਂਸਫਾਰਮਰ ਦਾ ਸਾਮਾਨ ਚੋਰੀ ਹੋ ਗਿਆ। ਪੰਚਾਇਤ ਮੈਂਬਰ ਗੁਰਪ੍ਰੀਤ ਤੇ ਜਸਪਾਲ ਨੇ ਦੱਸਿਆ ਕਿ ਉਨ੍ਹਾਂ ਨੂੰ ਸੂਚਨਾ ਮਿਲੀ ਕੇ ਪਿੰਡ ਦੀ ਪਾਣੀ ਵਾਲੀ ਮੋਟਰ ਦੇ ਲੱਗੇ ਟਰਾਂਸਫਾਰਮਰ ਦਾ ਸਾਮਾਨ ਖਿਲਰਿਆ ਪਿਆ ਹੈ ਜਦ ਉਨ੍ਹਾਂ ਨੇ ਮੌਕੇ 'ਤੇ ਜਾ ਕੇ ਦੇਖਿਆ ਤਾਂ ਟਰਾਂਸਫਾਰਮਰ ਦਾ ਬਾਕਸ



ਜ਼ਮੀਨ 'ਤੇ ਪਿਆ ਸੀ ਤੇ ਉਸ ਵਿਚਲਾ ਸਾਰਾ ਸਾਮਾਨ ਚੋਰ ਚੋਰੀ ਕਰ ਲੈ ਗਏ ਜਿਸ ਨਾਲ ਪੰਚਾਇਤ ਦਾ ਹਜ਼ਾਰਾਂ ਰੁਪਏ ਦਾ ਨੁਕਸਾਨ ਹੋ ਗਿਆ। ਉਨ੍ਹਾਂ ਚੋਰੀ ਦੀ ਸੂਚਨਾ ਆਦਮਪੁਰ ਪੁਲੀਸ ਲਿਖਤੀ ਦੇ ਦਿੱਤੀ ਹੈ।

263 VISA
ਫਰਵਰੀ 2025 ਮਹੀਨੇ ਵਿੱਚ ਲੱਗੇ
TOURIST VISA
USA/ SCHENGEN
CANADA/ AUSTRALIA/ UK/ NZ
easyvisa
8195 828282
ਅਪਲਾਈ ਕਰਨ ਤੋਂ ਪਹਿਲਾਂ ਲੱਗੇ ਹੋਏ ਵੀਜ਼ਾ ਜਰੂਰ ਚੈਕ ਕਰੋ ਫਿਰ ਅਪਲਾਈ ਕਰੋ





ਲੋਕ ਬਾਣੀ

ਰੋਜ਼ਾਨਾ ਲੋਕ ਬਾਣੀ

www.lokbani.com




publisher
chief editor
Aman mehra
Lok bani (News paper)
Lokbani08@gmail.com
www Lokbani.com
Mob 9915594111

Head office :308 sangam complex milap chowk Jalandhar Punjab India 01812211009

# ਡਿਜੀਟਲ ਵੌਰਟੈਕਸ ਦਾ ਖੇਤਰ

ਵਿਜੈ ਗਰਗ

ਇਸ ਵਿੱਚ ਕੋਈ ਸ਼ੱਕ ਨਹੀਂ ਕਿ ਤਕਨਾਲੋਜੀ ਨੇ ਜ਼ਿੰਦਗੀ ਨੂੰ ਸਰਲ ਅਤੇ ਸੁਵਿਧਾਜਨਕ ਬਣਾ ਦਿੱਤਾ ਹੈ, ਪਰ ਇਸਨੇ ਸਾਨੂੰ ਹਕੀਕਤ ਤੋਂ ਕਿੰਨਾ ਦੂਰ ਲੈ ਜਾਇਆ ਹੈ, ਇਹ ਹੁਣ ਸਾਡੇ ਆਲੇ ਦੁਆਲੇ ਮਹਿਸੂਸ ਕੀਤਾ ਜਾ ਰਿਹਾ ਹੈ ਅਤੇ ਇਸ ਬਾਰੇ ਸੋਚਣ ਦੀ ਲੋੜ ਹੈ। ਅੱਜ ਦਾ ਯੁੱਗ ਡਿਜੀਟਲ ਕ੍ਰਾਂਤੀ ਦਾ ਯੁੱਗ ਹੈ। ਜ਼ਮੀਨ ਤੇ ਇਸਦਾ ਪ੍ਰਭਾਵ ਇਸ ਰੂਪ ਵਿੱਚ ਵੀ ਦਿਖਾਈ ਦੇ ਰਿਹਾ ਹੈ ਕਿ ਅੱਜਕੱਲ੍ਹ ਸਾਡੀ ਜ਼ਿੰਦਗੀ ਵਿੱਚ ਜੋ ਵੀ ਵਾਪਰਦਾ ਹੈ ਉਸਨੂੰ ਕੈਮਰੇ ਵਿੱਚ ਕੈਦ ਕਰਨ ਦੀ ਦੌੜ ਲੱਗੀ ਹੋਈ ਹੈ। ਭਾਵੇਂ ਇਹ ਕੋਈ ਸੁੰਦਰ ਨਜ਼ਾਰਾ ਹੋਵੇ, ਕੋਈ ਖਾਸ ਪਲ ਹੋਵੇ ਜਾਂ ਕੋਈ ਭਾਵਨਾਤਮਕ ਪਲ, ਅਸੀਂ ਇਸਨੂੰ ਪੂਰੀ ਤਰ੍ਹਾਂ ਅਨੁਭਵ ਕਰਨ ਤੋਂ ਪਹਿਲਾਂ ਹੀ ਆਪਣੇ ਮੋਬਾਈਲ ਫੋਨ ਜਾਂ ਕੈਮਰੇ ਵਿੱਚ ਕੈਦ ਕਰਨਾ ਸ਼ੁਰੂ ਕਰ ਦਿੰਦੇ ਹਾਂ। ਇਹ ਕਿਸ ਹੱਦ ਤੱਕ ਸਹੀ ਹੈ ਜਾਂ ਗਲਤ, ਇਸਦਾ ਕੋਈ ਪੱਕਾ ਜਵਾਬ ਨਹੀਂ ਹੈ, ਪਰ ਇਹ ਤੈਅ ਹੈ ਕਿ ਕੈਮਰੇ ਦੁਆਰਾ ਖਿੱਚੀਆਂ ਗਈਆਂ ਤਸਵੀਰਾਂ ਸਿਰਫ ਦ੍ਰਿਸ਼ ਨੂੰ ਸੁਰੱਖਿਅਤ ਰੱਖ ਸਕਦੀਆਂ ਹਨ, ਅਨੁਭਵ ਨੂੰ ਨਹੀਂ। ਕਈ ਵਾਰ ਅਜਿਹਾ ਲੱਗਦਾ ਹੈ ਕਿ ਇਹ ਦੁਨੀਆ ਪੂਰੀ ਤਰ੍ਹਾਂ ਔਨਲਾਈਨ ਹੋ ਗਈ ਹੈ। ਰਿਸ਼ਤੇ, ਭਾਵਨਾਵਾਂ, ਸੰਚਾਰ - ਸਭ ਕੁਝ ਡਿਜੀਟਲ ਪਲੇਟਫਾਰਮਾਂ ਤੱਕ ਸੀਮਤ ਹੋ ਗਿਆ ਹੈ। ਅਸੀਂ ਲੋਕਾਂ ਨਾਲ ਔਨਲਾਈਨ ਜੁੜਨ ਵਿੱਚ ਇੰਨੇ ਰੁੱਝ ਗਏ ਹਾਂ ਕਿ ਅਸੀਂ ਆਪਣੇ ਆਲੇ ਦੁਆਲੇ ਦੇ ਲੋਕਾਂ ਦੀ ਮਹੱਤਤਾ ਨੂੰ ਨਜ਼ਰਅੰਦਾਜ਼ ਕਰਨਾ ਸ਼ੁਰੂ ਕਰ ਦਿੱਤਾ ਹੈ ਜੋ ਅਸਲ ਵਿੱਚ ਸਾਡੇ ਨਾਲ ਹਨ। ਇੱਕ ਸਮਾਂ ਸੀ ਜਦੋਂ ਪਰਿਵਾਰ ਦੇ ਮੈਂਬਰ ਇਕੱਠੇ ਬੈਠ ਕੇ ਗੱਲਾਂ ਕਰਦੇ ਸਨ, ਹੱਸਦੇ ਸਨ ਅਤੇ ਮਜ਼ਾਕ ਕਰਦੇ ਸਨ, ਅਤੇ ਕਹਾਣੀਆਂ ਸੁਣਦੇ ਅਤੇ ਸੁਣਾਉਂਦੇ ਸਨ। ਪਰ ਹੁਣ ਸਵੇਰੇ ਉੱਠਣ ਤੋਂ ਲੈ ਕੇ ਰਾਤ ਤੱਕ ਸਾਡੀਆਂ ਨਜ਼ਰਾਂ ਮੋਬਾਈਲ ਸਕ੍ਰੀਨ ਤੇ ਟਿਕੀਆਂ ਰਹਿੰਦੀਆਂ ਹਨ। ਬਦਲਦੇ ਸਮੇਂ ਦੇ ਨਾਲ, ਰਿਸ਼ਤਿਆਂ ਦੀ ਪਰਿਭਾਸ਼ਾ ਵੀ ਬਦਲ ਗਈ ਹੈ। ਪਹਿਲਾਂ ਪਰਿਵਾਰ ਦੇ ਬਜ਼ੁਰਗ ਬੱਚਿਆਂ ਨੂੰ ਕਹਾਣੀਆਂ ਸੁਣਾਉਂਦੇ ਸਨ ਪਰ ਹੁਣ ਮੋਬਾਈਲਾਂ ਅਤੇ ਟੈਬਲੇਟਾਂ ਨੇ ਉਨ੍ਹਾਂ ਦੀ ਜਗ੍ਹਾ ਲੈ ਲਈ ਹੈ। ਦਾਦਾ-ਦਾਦੀ ਦੀਆਂ ਕਹਾਣੀਆਂ, ਜਿਨ੍ਹਾਂ ਵਿੱਚ ਪਹਿਲਾਂ ਡੂੰਘੇ ਜੀਵਨ ਅਨੁਭਵ ਅਤੇ ਨੈਤਿਕ ਸਿੱਖਿਆ ਹੁੰਦੀ ਸੀ, ਹੁਣ ਦਿਲਚਸਪੀ ਗੁਆ ਚੁੱਕੀ ਜਾਪਦੀ ਹੈ ਅਤੇ ਲੋਕਾਂ ਦਾ ਧਿਆਨ ਮੋਬਾਈਲ ਐਪਸ ਅਤੇ ਛੋਟੇ ਵੀਡੀਓਜ਼ ਤੱਕ ਸੀਮਤ ਹੈ। ਬੱਚੇ ਹੁਣ ·♦"27, ਟੈਂਪਲ ਰਨ, ਫ੍ਰੀ ਫਾਇਰ ਵਰਗੀਆਂ ਔਨਲਾਈਨ ਗੇਮਾਂ ਵਿੱਚ ਇੰਨੇ ਰੁੱਝੇ ਹੋਏ ਹਨ ਕਿ ਉਨ੍ਹਾਂ ਦਾ ਅਸਲ-ਦੁਨੀਆ ਦੀਆਂ ਕਹਾਣੀਆਂ, ਪਰਿਵਾਰਕ ਨਿੱਘ ਅਤੇ ਮਨੁੱਖੀ ਭਾਵਨਾਵਾਂ ਤੋਂ ਸੰਪਰਕ ਟੁੱਟ ਗਿਆ ਹੈ। ਪਰ ਗੱਲ ਸਿਰਫ਼ ਬੱਚਿਆਂ ਤੱਕ ਸੀਮਤ ਨਹੀਂ ਹੈ। ਅੱਜ ਦੇ ਨੌਜਵਾਨ ਸੋਸ਼ਲ ਮੀਡੀਆ, ਇੰਸਟਾਗ੍ਰਾਮ, ਫੇਸਬੁੱਕ ਅਤੇ ਵਟਸਐਪ ਵਿੱਚ ਇੰਨੇ ਰੁੱਝ ਗਏ ਹਨ ਕਿ ਉਹ ਪਰਿਵਾਰ ਅਤੇ ਦੋਸਤਾਂ ਨਾਲ ਬਿਤਾਏ ਪਲਾਂ ਨਾਲੋਂ ਔਨਲਾਈਨ ਟਿੱਪਣੀਆਂ ਅਤੇ ਪ੍ਰਤੀਕਿਰਿਆਵਾਂ ਨੂੰ ਜ਼ਿਆਦਾ ਮਹੱਤਵਪੂਰਨ ਸਮਝਦੇ ਹਨ। ਕਿਸੇ ਵੀ ਫੰਕਸ਼ਨ ਵਿੱਚ ਜਾਣ ਤੋਂ ਬਾਅਦ, ਸਾਨੂੰ ਸ਼ਾਇਦ ਹੀ ਯਾਦ ਹੋਵੇ ਕਿ ਅਸੀਂ ਉੱਥੇ ਕੀ ਮਹਿਸੂਸ ਕੀਤਾ, ਅਸੀਂ ਕਿਸ ਨੂੰ ਮਿਲੇ, ਅਸੀਂ ਕਿਸ ਨਾਲ ਕੀ ਗੱਲ ਕੀਤੀ, ਪਰ ਸਾਨੂੰ ਇਹ ਜ਼ਰੂਰ ਯਾਦ ਰਹਿੰਦਾ ਹੈ ਕਿ ਅਸੀਂ ਕੈਮਰੇ ਵਿੱਚ ਕਿੰਨੀਆਂ ਚੰਗੀਆਂ ਤਸਵੀਰਾਂ ਖਿੱਚੀਆਂ ਅਤੇ ਸੋਸ਼ਲ ਮੀਡੀਆ ਤੇ ਉਨ੍ਹਾਂ ਤੇ ਸਾਨੂੰ ਕਿੰਨੇ ਲਾਈਕਸ ਮਿਲੇ। ਇਹ ਸੱਚਮੁੱਚ ਚਿੰਤਾਜਨਕ ਹੈ ਕਿ ਅਸੀਂ ਹੌਲੀ-ਹੌਲੀ ਆਪਣੀ ਸੰਵੇਦਨਸ਼ੀਲਤਾ ਗੁਆ ਰਹੇ ਹਾਂ। ਜੇਕਰ ਕੋਈ ਨੇੜੇ ਬੈਠਾ ਹੈ ਅਤੇ ਉਦਾਸ ਹੈ, ਤਾਂ ਅਸੀਂ ਉਸ ਵੱਲ ਦੇਖਣ ਦੀ ਬਜਾਏ ਸੋਚਦੇ ਹਾਂ ਕਿ ਸੋਸ਼ਲ ਮੀਡੀਆ ਤੇ ਉਸਦੀ ਉਦਾਸੀ ਬਾਰੇ ਕੋਈ ਟਿੱਪਣੀ ਹੈ ਜਾਂ ਨਹੀਂ। ਦਰਅਸਲ, ਔਨਲਾਈਨ ਦੁਨੀਆ ਨੇ ਸਾਨੂੰ ਇੰਨਾ ਸਵੈ-ਕੇਂਦਰਿਤ ਕਰ ਦਿੱਤਾ ਹੈ ਕਿ ਅਸੀਂ ਆਪਣੇ ਆਲੇ ਦੁਆਲੇ ਦੇ ਲੋਕਾਂ ਦੇ ਦਰਦ, ਖੁਸ਼ੀ ਅਤੇ ਜ਼ਰੂਰਤਾਂ ਤੋਂ ਅਣਜਾਣ ਹੁੰਦੇ ਜਾ ਰਹੇ ਹਾਂ। ਜ਼ਮੀਨੀ ਜਾਂ ਅਸਲੀ ਰਿਸ਼ਤਿਆਂ ਦੀ ਚਮਕ ਘੱਟਦੀ ਜਾ ਰਹੀ ਹੈ। ਇੱਕ ਸਮਾਂ ਸੀ ਜਦੋਂ ਰਿਸ਼ਤੇ ਭਾਵਨਾਵਾਂ ਦੇ ਧਾਗੇ ਨਾਲ ਜੁੜੇ ਹੁੰਦੇ ਸਨ, ਹੁਣ ਉਹ ਇੰਟਰਨੈੱਟ ਦੀ ਗਤੀ ਅਤੇ ਨੈੱਟਵਰਕ ਤੇ ਨਿਰਭਰ ਹੋ ਗਏ ਹਨ। ਪਹਿਲਾਂ ਦੋਸਤ ਇੱਕ ਦੂਜੇ ਨੂੰ ਮਿਲਦੇ ਸਨ, ਘੰਟਿਆਂ ਬੱਧੀ ਗੱਲਾਂ ਕਰਦੇ ਸਨ ਅਤੇ ਇੱਕ ਦੂਜੇ ਦੀਆਂ ਮੁਸ਼ਕਲਾਂ ਵਿੱਚ ਇਕੱਠੇ ਖੜ੍ਹੇ ਹੁੰਦੇ ਸਨ। ਹੁਣ ਸਿਰਫ਼ ਕੀ ਤੁਸੀਂ ਠੀਕ ਹੋ ਲਿਖਣਾ ਅਤੇ ਇਸਨੂੰ ⇨★▲🚹↔1✥✥ ਤੇ ਭੇਜਣਾ ਦੋਸਤੀ ਬਣਾਈ ਰੱਖਣ ਦਾ ਸਬੂਤ ਬਣ ਗਿਆ ਹੈ। ਪਹਿਲਾਂ ਲੋਕ ਆਪਣੇ ਦੁੱਖ, ਆਪਣੀਆਂ ਖੁਸ਼ੀਆਂ ਆਪਣੇ ਅਜ਼ੀਜ਼ਾਂ ਨਾਲ ਸਾਂਝੀਆਂ ਕਰਦੇ ਸਨ, ਹੁਣ ਉਹ ਉਨ੍ਹਾਂ ਨੂੰ ਇੰਸਟਾਗ੍ਰਾਮ ਤੇ ਲਿਖਦੇ ਹਨ ਅਤੇ ਉਮੀਦ ਕਰਦੇ ਹਨ ਕਿ ਉਨ੍ਹਾਂ ਦੇ ਔਨਲਾਈਨ ਦੋਸਤ ਉਨ੍ਹਾਂ ਦੀਆਂ ਭਾਵਨਾਵਾਂ ਨੂੰ ਸਮਝਣਗੇ। ਇਸ ਡਿਜੀਟਲ ਯੁੱਗ ਵਿੱਚ, ਅਸੀਂ ਹੌਲੀ-ਹੌਲੀ ਆਪਣੇ ਆਲੇ ਦੁਆਲੇ ਦੇ ਲੋਕਾਂ ਤੋਂ ਦੂਰ ਹੁੰਦੇ ਜਾ ਰਹੇ ਹਾਂ। ਅਸੀਂ ਸਿਰਫ਼ ਔਨਲਾਈਨ ਉਪਲਬਧ ਹਾਂ, ਪਰ ਅਸਲੀਅਤ ਵਿੱਚ ਅਸੀਂ ਭਾਵਨਾਤਮਕ ਤੌਰ ਤੇ ਉਪਲਬਧ ਨਹੀਂ ਹੁੰਦੇ ਜਾ ਰਹੇ ਹਾਂ। ਸੋਸ਼ਲ ਮੀਡੀਆ ਦੇ ਵਰਚੁਅਲ ਰਿਸ਼ਤਿਆਂ ਨੇ ਸਾਡੇ ਅਸਲੀ ਰਿਸ਼ਤਿਆਂ ਦੀ ਨਿੱਘ ਨੂੰ ਹੌਲੀ-ਹੌਲੀ ਖਤਮ ਕਰ ਦਿੱਤਾ ਹੈ। ਪਹਿਲਾਂ ਜਦੋਂ ਕੋਈ ਰਿਸ਼ਤੇਦਾਰ ਸਾਡੇ ਘਰ ਆਉਂਦਾ ਸੀ, ਅਸੀਂ ਉਸਨੂੰ ਸਤਿਕਾਰ ਨਾਲ ਬਿਠਾ ਕੇ ਉਸ ਨਾਲ ਗੱਲ ਕਰਦੇ ਸੀ। ਅੱਜ ਦੇ ਸਮੇਂ ਵਿੱਚ, ਜਦੋਂ ਵੀ ਕੋਈ ਆਉਂਦਾ ਹੈ, ਤਾਂ ਸਭ ਤੋਂ ਪਹਿਲਾਂ ਵਾਈ-ਫਾਈ ਪਾਸਵਰਡ ਪੁੱਛਿਆ ਜਾਂਦਾ ਹੈ। ਸਾਨੂੰ ਇਹ ਵੀ ਸਮਝਣ ਦੀ ਲੋੜ ਹੈ ਕਿ ਅਸੀਂ ਸਿਰਫ਼ ਆਪਣੇ ਆਪ ਨੂੰ ਹੀ ਨਹੀਂ, ਸਗੋਂ ਆਪਣੀਆਂ ਆਉਣ ਵਾਲੀਆਂ ਪੀੜ੍ਹੀਆਂ ਨੂੰ ਵੀ ਇਸ ਡਿਜੀਟਲ ਚੱਕਰਵਿਊ ਵਿੱਚ ਧੱਕ ਰਹੇ ਹਾਂ। ਬਚਪਨ ਵਿੱਚ ਸਾਨੂੰ ਜੋ ਪਿਆਰ, ਨੇੜਤਾ ਅਤੇ ਸਾਥ ਦੀ ਮਹੱਤਤਾ ਮਹਿਸੂਸ ਹੁੰਦੀ ਸੀ, ਉਹ ਹੁਣ ਹੌਲੀ-ਹੌਲੀ ਅਲੋਪ ਹੁੰਦੀ ਜਾ ਰਹੀ ਹੈ। ਇਹ ਦੇਖ ਕੇ ਡਰ ਲੱਗਦਾ ਹੈ ਕਿ ਆਉਣ ਵਾਲੀ ਪੀੜ੍ਹੀ ਬਿਨਾਂ ਕਿਸੇ ਸੰਵੇਦਨਸ਼ੀਲਤਾ ਦੇ ਵੱਡੀ ਹੋ ਰਹੀ ਹੈ। ਹੁਣ, ਸਮੇਂ ਅਤੇ ਭਾਵਨਾਵਾਂ ਦੀ ਬਜਾਏ, ਰਿਸ਼ਤਿਆਂ ਨੂੰ ਬਣਾਈ ਰੱਖਣ ਲਈ ਸਿਰਫ ਵਰਚੁਅਲ ਸ਼ਬਦ ਅਤੇ ਇਮੋਜੀ ਹੀ ਬਚੇ ਹਨ। ਜੇਕਰ ਅਸੀਂ ਸਮੇਂ ਦੇ ਨਾਲ ਆਪਣੇ ਆਪ ਨੂੰ ਨਹੀਂ ਬਦਲਦੇ, ਤਾਂ ਭਵਿੱਖ ਵਿੱਚ ਮਨੁੱਖ ਭਾਵਨਾਵਾਂ ਤੋਂ ਪੂਰੀ ਤਰ੍ਹਾਂ ਸੱਖਣਾ ਹੋ ਜਾਵੇਗਾ। ਸਾਨੂੰ ਇਹ ਸਮਝਣਾ ਪਵੇਗਾ ਕਿ ਸੋਸ਼ਲ ਮੀਡੀਆ ਸਿਰਫ਼ ਇੱਕ ਮਾਧਿਅਮ ਹੈ, ਜ਼ਿੰਦਗੀ ਨਹੀਂ। ਅਸਲੀ ਖੁਸ਼ੀ ਤਸਵੀਰਾਂ ਵਿੱਚ ਨਹੀਂ ਸਗੋਂ ਉਹਨਾਂ ਪਲਾਂ ਨੂੰ ਮਹਿਸੂਸ ਕਰਨ ਵਿੱਚ ਹੈ। ਕਿਸੇ ਜਗ੍ਹਾ ਤੇ ਜਾਣ ਅਤੇ ਫੋਟੋਆਂ ਖਿੱਚਣ ਨਾਲੋਂ ਜ਼ਿਆਦਾ ਮਹੱਤਵਪੂਰਨ ਉਸ ਜਗ੍ਹਾ ਦੀ ਹਵਾ ਨੂੰ ਮਹਿਸੂਸ ਕਰਨਾ ਹੈ। ਰਿਸ਼ਤੇ ਡਿਜੀਟਲ ਦੁਨੀਆ ਵਿੱਚ ਸ਼ੁਰੂ ਹੋ ਸਕਦੇ ਹਨ, ਪਰ ਭਾਵਨਾਵਾਂ ਔਨਲਾਈਨ ਮੌਜੂਦ ਨਹੀਂ ਹੋ ਸਕਦੀਆਂ। ਸੰਵੇਦਨਾਵਾਂ ਨੂੰ ਮਹਿਸੂਸ ਕਰਨ, ਉਨ੍ਹਾਂ ਦੀ ਕਦਰ ਕਰਨ ਅਤੇ ਉਨ੍ਹਾਂ ਨੂੰ ਜ਼ਿੰਦਾ ਰੱਖਣ ਲਈ, ਅਸਲ ਦੁਨੀਆਂ ਵਿੱਚ ਰਹਿਣਾ ਮਹੱਤਵਪੂਰਨ ਹੈ। ਇਸ ਲਈ, ਕਈ ਵਾਰ ਫ਼ੋਨ ਨੂੰ ਦੂਰ ਰੱਖਣਾ ਅਤੇ ਆਪਣੇ ਅਜ਼ੀਜ਼ਾਂ ਨਾਲ ਸਮਾਂ ਬਿਤਾਉਣਾ ਮਹੱਤਵਪੂਰਨ ਹੁੰਦਾ ਹੈ। ਨਹੀਂ ਤਾਂ ਉਹ ਦਿਨ ਦੂਰ ਨਹੀਂ ਜਦੋਂ ਸਾਡੀਆਂ ਯਾਦਾਂ ਸਮਾਰਟਫੋਨ ਦੇ ਕਿਸੇ ਕੋਨੇ ਵਿੱਚ ਹੋਣਗੀਆਂ, ਪਰ ਸਾਡੇ ਦਿਲਾਂ ਵਿੱਚ ਨਹੀਂ।

ਵਿਜੈ ਗਰਗ ਰਿਟਾਇਰਡ ਪ੍ਰਿੰਸੀਪਲ ਐਜੂਕੇਸ਼ਨਲ ਕਾਲਮਨਵੀਸ਼ ਮਲੋਟ ਪੰਜਾਬ

# ਸ਼ਿਵ ਨੂੰ ਯਾਦ ਕਰਦਿਆਂ

ਸ਼ਿਵ ਨੂੰ ਯਾਦ ਕਰਦਿਆਂ ,
ਦਿਲ ਵਿੱਚ ਹੌਕੇ ਭਰਦਿਆਂ।
ਜਦ ਵੀ ਸ਼ਿਵ ਦੀ ਯਾਦ ਆਉਂਦੀ ,
ਦਿਲ ਚੰਦਰੇ ਨੂੰ ਚੀਰਾ ਲਾਉਂਦੀ।
ਯਾਦ ਸ਼ਿਵ ਦੀ ਜਦੋਂ ਪਾਵੇ ਮੋੜੇ,
ਵਾਰ-ਵਾਰ ਦਿਲ ਨੂੰ ਚੰਦਰੀ ਝੰਜੋੜੇ।
ਨਾ ਮਰਹਮ ਮਿਲ਼ੇ ਨਾ ਕੋਈ ਪੱਟੀ ,
ਜਾਵਾਂ ਦੱਸੋ ਮੈਂ ਕਿਹੜੀ ਹੱਟੀ।
ਜਦੋਂ ਚੜ੍ਹ ਪਲਾਂ ਵਿੱਚ ਤਾਰਾ ਛੁਪਿਆ,
ਓਦੋਂ ਬੱਦਲਾਂ ਓਹਲੇ ਸਾਹਿਤ ਦਾ ਸੂਰਜ ਲੁਕਿਆ।
ਚੇਤੇ ਆਵੇ ਸ਼ਿਵ ਦੀ ਕਵਿਤਾ ਬਿਰਹੋਂ ਦੀ ਰੜਕ,
ਸਿਸਕੀਆਂ ਲੈਣ ਇੱਛਾਵਾ ਜਦੋਂ ਅੰਦਰੋਂ ਉੱਠੇ ਭੜਕ ।
ਆਦਰਾਂ ਦੇ ਖ਼ੂਨ ਨੂੰ ਰਿੜਕਦੀ ਦਿਲ ਦੀ ਹੂਕ,
ਮਣ-ਮਣ ਹੰਝੂ ਪੀਸੇ ਚੱਕੀ, ਨਾ ਕਰੇ ਕੋਈ ਚੂਕ।
ਕੋਈ ਜੋਬਨ ਰੁੱਤੇ ਤੁਰਿਆ ,
ਦੁੱਖਾਂ ਦੇ ਨਾਲ ਮਨ ਭਰਿਆ।
ਛੋਟੀ ਉਮਰੇ ਮਰਿਆ ਕੋਈ ਕਰਮਾ ਮਾਰਾ,
ਗਗਨ ਅੱਜ ਵੀ ਸ਼ਿਵ ਨੂੰ ਚੇਤੇ ਕਰਦਾ ਜੱਗ ਸਾਰਾ ।



ਅਸਿਸਟੈਂਟ ਪ੍ਰੋ. ਗਗਨਦੀਪ ਕੌਰ ਧਾਲੀਵਾਲ।
ਆਰੀਆ ਭੱਟ ਕਾਲਜ ਬਰਨਾਲਾ

# ਪੰਜਾਬੀ ਮਾਂ ਬੋਲੀ ਨੂੰ ਸਾਂਭਣ , ਪੰਜਾਬੀ ਭਾਸ਼ਾ ਦੇ ਅਮੀਰ ਵਿਰਸੇ ਅਤੇ ਸ਼ਾਨ ਨੂੰ ਬਰਕਰਾਰ ਰੱਖਣ ਕਰਨ ਵਾਲੀ ਪੰਜਾਬੀ ਮਾਂ ਬੋਲੀ ਦੀ ਵਾਰਿਸ

ਰੁਪਿੰਦਰ ਕੌਰ

ਭਾਸ਼ਾ ਨੂੰ ਕਿਸੇ ਰਾਜ ਅਤੇ ਦੇਸ਼ ਦੀ ਨੀਂਹ ਕਿਹਾ ਜਾਵੇ ਤਾਂ ਕੋਈ ਅਤਿਕਥਨੀ ਨਹੀਂ ਹੋਵੇਗੀ ਕਿਉਂਕਿ ਭਾਸ਼ਾ ਸੱਭਿਆਚਾਰ, ਗੀਤ ਰਿਵਾਜਾਂ, ਅਤੇ ਹਰ ਪੱਖ ਤੋਂ ਸਹਾਈ ਹੁੰਦੇ ਹਨ ਪੰਜਾਬੀ ਭਾਸ਼ਾ ਨੂੰ ਪ੍ਰਫੁੱਲਤ ਕਰਨ ਲਈ ਹਰ ਇਨਸਾਨ ਕਿਸੇ ਨਾ ਕਿਸੇ ਤਰੀਕੇ ਆਪਣੀ ਕਲਾ ਨਾਲ ਸੇਵਾ ਤੇ ਯੋਗਦਾਨ ਪਾਉਂਦਾ ਹੈ ਉਹਨਾਂ ਵਿੱਚੋਂ ਇੱਕ ਹੈ ਪੰਜਾਬੀ ਭਾਸ਼ਾ ਦੀ ਸੇਵਾ ਲਈ ਤਤਪਰ ਰਹਿਣ ਅਤੇ ਚਾਰ ਚੰਨ ਲਾਉਣ ਵਾਲੀ ਰੁਪਿੰਦਰ ਕੌਰ

ਆਓ ਜਾਣਦੇ ਹਾਂ ਰੁਪਿੰਦਰ ਕੌਰ ਬਾਰੇ।

ਰੁਪਿੰਦਰ ਕੌਰ ਦਾ ਜਨਮ ਪਿਤਾ ਸਰਦਾਰ ਪਰਮਿੰਦਰ ਸਿੰਘ ਮਾਤਾ ਪਰਮਜੀਤ ਕੌਰ ਦੇ ਘਰ ਪਿੰਡ ਦਿਆਲਗੜ੍ਹ ਢੱਡਰੀਆਂ ਜਿਲਾ ਸੰਗਰੂਰ ਵਿੱਚ ਹੋਇਆ। ਪਾਲਣ ਪੋਸ਼ਣ ਤੋਂ ਬਾਅਦ ਮੁਢਲੀ ਪੜ੍ਹਾਈ ਪਿੰਡ ਪੱਧਰ ਤੇ ਹੀ ਕੀਤੀ। ਉਚੇਰੀ ਪੜ੍ਹਾਈ 2.1., $.1. ਸ਼ਹੀਦ ਊਧਮ ਸਿੰਘ ਸਰਕਾਰੀ ਕਾਲਜ ਸੁਨਾਮ ਤੋਂ ਪ੍ਰਾਪਤ ਕੀਤੀ, ਪੜਾਈ ਦੇ ਨਾਲ ਨਾਲ ਸਿਲਾਈ ਕਢਾਈ ਦੇ ਕੰਮ ਦਾ ਸ਼ੌਕ ਰੱਖਿਆ , ਪੰਜਾਬੀ ਭਾਸ਼ਾ ਨੂੰ ਪ੍ਰਫੁੱਲਤ ਕਰਨ ਲਈ ਕੁਝ ਕਰਨ ਦਾ ਸੁਪਨਾ ਸੀ, ਇਸ ਕੰਮ ਲਈ ਮਾਰਗ ਦਰਸ਼ਕ ਗਗਨਦੀਪ ਸਿੰਘ ਅਤੇ ਨਰਦੀਪ ਸਿੰਘ ਦੀ ਅਗਵਾਈ ਤੇ ਹੱਲਾਸ਼ੇਰੀ ਮਿਲਦੀ ਰਹੀ। 2.54 ਪੰਜਾਬੀ ਯੂਨੀਵਰਸਿਟੀ ਪਟਿਆਲਾ ਤੋਂ ਪ੍ਰਾਪਤ ਕੀਤੀ, ♦."✥🚹 ਦਾ ਟੈਸਟ ਪਾਸ, ਨਾਲ ਪੰਜਾਬੀ ਭਾਸ਼ਾ ਨੂੰ ਪ੍ਰਫੁੱਲਤ ਕਰਨ ਲਈ ਯਤਨ ਜਾਰੀ ਰੱਖਿਆ।

ਰੁਪਿੰਦਰ ਨੇ ਫ਼ੋਨ ਤੇ ਗੱਲਬਾਤ ਦੌਰਾਨ ਦੱਸਿਆ ਕਿ ਜਦੋਂ ਪੰਜਾਬੀ ਭਾਸ਼ਾ ਦੇ ਕਰਵਾਏ ਪ੍ਰੋਗਰਾਮ ਵਿੱਚ ਜਾਂਦੀ ਭਾਸ਼ਾ ਨੂੰ ਪ੍ਰਫੁੱਲਤ ਕਰਨ ਲਈ ਹਰ ਇੱਕ ਵਿਚਾਰ ਦਿੰਦਾ ਪਰ ਕਰਦਾ ਕੋਈ ਹੈ ਉਸ ਬਾਦ ਸੰਨ 2021-22 ਵਿੱਚ ਪੰਜਾਬੀ ਭਾਸ਼ਾ ਨੂੰ ਪ੍ਰਫੁੱਲਤ ਕਰਨ ਲਈ ਪੰਜਾਬੀ ਬਸਤਾ ਘਰ ਬਣਾ ਕੇ ਜਿਸ ਵਿੱਚ ਸਕੂਲੀ ਬੈਗ , ਝੋਲੇ, ਸ਼ਾਲ ,ਦੁਪੱਟੇ ਮਫਲਰ ਅਤੇ ਲੋਈਆ ਮੌਸਮ ਦੇ ਹਿਸਾਬ ਨਾਲ ਆਦਿ ਬਣਾਏ,ਜਿਸ ਤੇ ਗੁਰਮੁਖੀ ਲਿੱਪੀ ਦੇ ਅੱਖਰ ਲਿਖ ਕੇ ਤਿਆਰ ਕੀਤੇ ਇਸ ਉਪਰਾਲੇ ਲਈ ਹਰ ਇੱਕ ਨੇ ਸ਼ਲਾਘਾ ਕੀਤੀ ਉਤਸਾਹ ਮਿਲਿਆ ਜਿਸ ਨਾਲ



ਮੈਨੂੰ ਸ਼ੌਕ ਅਤੇ ਭਾਸ਼ਾ ਦੇ ਪ੍ਰਚਾਰ ਪ੍ਰਸਾਰ ਦੇ ਨਾਲ ਨਾਲ ਰੁਜ਼ਗਾਰ ਵੀ ਮਿਲਿਆ।

ਰੁਪਿੰਦਰ ਕੌਰ ਦੀ ਹੱਥੀ ਤਿਆਰ ਕੀਤੇ ਬੈਗ, ਝੋਲੇ, ਸਾਲ, ਦੁਪੱਟੇ, ਤੇ ਉਕਰੇ ਗੁਰਮੁੱਖੀ ਲਿੱਪੀ ਦੇ ਅੱਖਰ ਵੱਖਰਾ ਅਨੁਭਵ ਹੁੰਦਾ ਹੈ ਐਵੇਂ ਹੀ ਸਕੂਲੀ ਬੱਚਿਆਂ ਦੇ ਝੋਲਿਆ ਤੇ ਲਿਖੇ ਨਾਮ ਤੇ ਸ਼ਬਦ ਜਿਵੇਂ ਸੰਤੋਖ ਸਬਰ ', ਪੰਜਾਬ , ਪੰਜਾਬੀ , ਪੰਜਾਬੀਅਤ ਆਦਿ ਵਿਲਖਣ ਪਹਿਚਾਣ ਦਵਾਉਣ ਵਿੱਚ ਭੂਮਿਕਾ ਨਿਭਾਉਂਦੇ ਹਨ

ਇਹ ਬਸਤਾ ਘਰ ਮਾਨ ਮਾਰਕੀਟ, ਸਾਹਮਣੇ ਪੰਜਾਬੀ ਯੂਨੀਵਰਸਿਟੀ ਪਟਿਆਲਾ ਵਿੱਚ ਸਥਿਤ ਹੈ । ਕਿਸੇ ਨੂੰ ਵੀ ਆਨਲਾਈਨ ਪੰਜਾਬੀ ਭਾਸ਼ਾ ਨਾਲ ਸੰਬੰਧਿਤ ਸਕੂਲੀ ਬੈਗ, ਝੋਲੇ , ਦੁਪੱਟੇ , ਆਦਿ ਨੂੰ ਬਸਤਾ ਘਰ ਤੋਂ ਖਰੀਦ ਕੇ ਆਪਣੇ ਘਰ ਤੇ ਜੀਵਨ ਦਾ ਅੰਗ ਬਣਾਉ ਜਾਂ ਪੰਜਾਬੀ ਬਸਤਾ ਘਰ ਨੈੱਟ ਤੇ ਸਰਚ ਕਰਕੇ ਵੀ ਮੰਗਵਾ ਸਕਦੇ ਹੋ।

ਸਵਾਲ - ਭਾਸ਼ਣ ਨੂੰ ਬਚਾਉਣ ਲਈ ਸਰਕਾਰ ਕੀ ਉਪਰਾਲੇ ਕਰੇ ?

ਜਵਾਬ - ਪਿੰਡਾਂ ਸ਼ਹਿਰਾਂ ਵਿੱਚ ਲਾਇਬਰੇਰੀਆ ਬਣਾਈਆਂ ਜਾਣ ਉਥੇ ਭਾਸ਼ਾ ਨਾਲ ਸਬੰਧਿਤ ਸਮੇਂ ਸਮੇਂ ਤੇ ਪ੍ਰੋਗਰਾਮ ਕੀਤੇ ਜਾਣ। ਪੂਰੇ ਰਾਜ ਵਿੱਚ ਪੰਜਾਬੀ ਭਾਸ਼ਾ ਨੂੰ ਮੁੱਖ ਭਾਸ਼ਾ ਐਲਾਨਾਇਆ ਜਾਵੇ ਹਰ ਦੁਕਾਨ , ਸਕੂਲ , ਕਾਲਜ, ਸੰਸਥਾਵਾਂ ਤੇ ਅਤੇ ਹੋਰ ਸਥਾਨਾਂ ਤੇ ਪੰਜਾਬੀ ਲਿਖਣਾ ਜਰੂਰੀ ਕੀਤਾ ਜਾਵੇ। ਹਰ ਪ੍ਰਾਈਵੇਟ ਸਕੂਲ ਵਿੱਚ ਪੰਜਾਬੀ ਪੜ੍ਹਾਉਣੀ ਲਾਜ਼ਮੀ ਕੀਤੀ ਜਾਵੇ ਇਹ ਸਰਕਾਰ ਦੀ ਜਿੰਮੇਵਾਰੀ ਬਣਦੀ ਹੈ।

ਸੰਦੇਸ਼ - ਅੱਜ ਦੇ ਯੁਵਾ ਪੀੜ੍ਹੀ ਨੂੰ ਅਪੀਲ ਹੈ ਉਹ ਪੜ੍ਹਾਈ ਕਰਨ ਜੇਕਰ ਨੌਕਰੀ ਨਹੀਂ ਮਿਲਦੀ ਤਾਂ ਹੱਥੀ ਕਿਰਤ ਕਰਨ , ਤੁਹਾਨੂੰ ਕਦੇ ਵੀ ਨੌਕਰ ਨਹੀਂ ਬਣਨਾ ਪੈਣਾ ਆਪਣੇ ਲਈ ਖੁਦ ਰੁਜਗਾਰ ਪੈਦਾ ਕਰੋ ਕੰਮ ਕਰਨ ਲਈ ਸ਼ਰਮ ਮਹਿਸੂਸ ਨਾ ਕਰੋ , ਜੀਵਨ ਵਿੱਚ ਕਿਤਾਬਾਂ ਪੜੋ, ਵਾਤਾਵਰਨ ਦੀ ਸਾਂਭ ਸੰਭਾਲ ਕਰੋ ਨਸ਼ਿਆਂ ਤੋਂ ਦੂਰ ਰਹੋ, ਖੇਡਾਂ ਨਾਲ ਜੁੜੋ ਆਪਣੀ ਜਿੰਦਗੀ ਵਿੱਚ ਮੁਕਾਮ ਹਾਸਲ ਕਰਕੇ ਸੁਪਨੇ ਸਾਕਾਰ ਕਰੋ।

ਸੋ ਬਹੁਤ ਹੀ ਵਧਾਈ ਦੀ ਪਾਤਰ ਰੁਪਿੰਦਰ ਕੌਰ ਜਿਸਨੇ ਇੱਕ ਪਿੰਡ ਵਿਚੋ ਉੱਠ ਕੇ ਦੁਨੀਆ ਭਰ ਵਿੱਚ ਆਪਣੀ ਕਲਾ ਤੇ ਹੁਨਰ ਨਾਲ ਵੱਖਰੀ ਪਛਾਣ ਬਣਾਈ ਹੈ ਪੰਜਾਬੀ ਭਾਸ਼ਾ ਤੇ ਗੁਰਮੁਖੀ ਲਿੱਪੀ ਲਈ ਬਹੁਤ ਵਧੀਆ ਉਪਰਾਲਾ ਕਰ ਰਹੀ ਹੈ ਪੰਜਾਬੀ ਬਸਤਾ ਘਰ ਪੰਜਾਬੀ ਭਾਸ਼ਾ ਦੀ ਮਹਿਕ ਬਣ ਰਿਹਾ ਹੈ ਜਿਸ ਨਾਲ ਮਾਂ ਬੋਲੀ ਦਾ ਅਦਬ ਸਤਿਕਾਰ ਬਰਕਰਾਰ ਰਹੇਗਾ ਆਸ ਕਰਦੇ ਹਾਂ ਰੁਪਿੰਦਰ ਕੌਰ ਅੱਗੇ ਤੋਂ ਪੰਜਾਬੀ ਭਾਸ਼ਾ ਨੂੰ ਪ੍ਰਫੁੱਲਤ ਕਰਨ ਲਈ ਯਤਨ ਕਰਦੀ ਰਹੇਗੀ ,ਚੜਦੀ ਕਲਾ ਵਿੱਚ ਰਹੇ ਦਿਨ ਰਾਤ ਦੁਗਣੇ ਅਤੇ ਰਾਤ ਚੌਗਣੀ ਤਰੱਕੀ ਕਰੇ ਜੁਗ ਜੁਗ ਜੀਵੇ ਤੇ ਜਵਾਨੀਆਂ ਮਾਣੇ।

ਗੁਰਪ੍ਰੀਤ ਸਿੰਘ ਮਾਨ
ਪਿੰਡ ਹੀਰਕੇ
ਜਿਲ੍ਹਾ ਮਾਨਸਾ
98721-67223

# ਪੰਜਾਬ ਦੇ ਪਾਣੀਆਂ ਦਾ ਮੁੱਦਾ :-ਵਿਧਾਨ ਸਭਾ ਵਿੱਚ ਬਾਘਾਪੁਰਾਣਾ ਦੇ ਵਿਧਾਇਕ ਅੰਮ੍ਰਿਤਪਾਲ ਸਿੰਘ ਨੇ ਬੀਬੀਐਮਬੀ ਫੈਸਲੇ ਦੀ ਪਾੜੀ ਕਾਪੀ



ਪੰਜਾਬ ਵਿਧਾਨ ਸਭਾ ਵਿੱਚ ਅੱਜ ਪਾਣੀਆਂ ਦੇ ਮੁੱਦੇ ਤੇ ਸੱਦੇ ਗਏ ਵਿਸ਼ੇਸ਼ ਸੈਸ਼ਨ ਦੌਰਾਨ ਚੱਲੀ ਰਹੀ ਚਰਚਾ ਵਿੱਚ ਬੀਬੀਐਮਬੀ ਦੇ ਫੈਸਲੇ ਦੀ ਕਾਪੀ ਬਾਘਾਪੁਰਾਣਾ ਦੇ ਵਿਧਾਇਕ ਅੰਮ੍ਰਿਤਪਾਲ ਸਿੰਘ ਸੁਖਾਨੰਦ ਨੇ ਆਪਣੇ ਸੰਬੋਧਨ ਮੌਕੇ ਪਾੜੀ ਦਿੱਤੀ ਤੇ ਸਖ਼ਤ ਸੁਨੇਹਾ ਦਿੰਦਿਆਂ ਆਖਿਆ ਕਿ ਪੰਜਾਬ ਦੇ ਅਧਿਕਾਰਾਂ ਨੂੰ ਨਜ਼ਰਅੰਦਾਜ਼ ਕਰਨਾ ਬਰਦਾਸ਼ਤ ਨਹੀਂ ਕੀਤਾ ਜਾਵੇਗਾਇਸ ਦੌਰਾਨ ਕੈਬਨਿਟ ਮੰਤਰੀ ਵੱਲੋਂ ਬੀਬੀਐਮਬੀ ਦੇ ਫੈਸਲੇ ਵਿਰੁੱਧ ਮਤਾ ਪੇਸ਼ ਕੀਤਾ ਗਿਆ, ਇਹ ਵੀ ਮੰਗ ਕੀਤੀ ਕਿ 22$2 ਦੇ ਪੁਨਰਗਠਨ ਕੀਤਾ ਜਾਵੇ। ਇਸ ਦੌਰਾਨ ਆਪ ਦੇ ਵਿਧਾਇਕ ਨੇ 22$2 ਦੇ ਫੈਸਲੇ ਦੀ ਕਾਪੀ ਪਾੜ ਕੇ ਪਾਰਟੀ ਵੱਲੋਂ ਸਖ਼ਤ ਸੁਨੇਹਾ ਦਿੱਤਾ।

ਇਸ ਮੌਕੇ ਆਮ ਆਦਮੀ ਪਾਰਟੀ ਦੇ ਵਿਧਾਇਕ ਅੰਮ੍ਰਿਤਪਾਲ ਸੁਖਾਨੰਦ ਨੇ ਹਰਿਆਣਾ ਦੀ ਪਾਣੀ ਦੀ ਮੰਗ ਨੂੰ ਗਲਤ ਦੱਸਿਆ। ਉਨ੍ਹਾਂ ਕਿਹਾ ਕਿ ਪੰਜਾਬ ਕੋਲ ਹੁਣ ਕੋਈ ਪਾਣੀ ਨਹੀਂ ਬਚਿਆ। ਪੰਜਾਬ ਜੋ ਕਿ ਪਹਿਲਾਂ ਪੰਜ ਦਰਿਆਵਾਂ ਤੋਂ ਬਣਿਆ ਸੀ, ਹੁਣ ਸਿਰਫ਼ ਤਿੰਨ ਦਰਿਆ ਹੀ ਬਚੇ ਹਨ। ਅਸੀਂ ਪੰਜਾਬ ਕੋਲ ਬਚੇ ਹੋਏ ਪਾਣੀ ਦੀ ਵਰਤੋਂ ਕਰਕੇ ਝੋਨੇ ਦੀ ਫ਼ਸਲ ਲਾਈ ਹੈ। ਅਸੀਂ ਜੋ ਚੌਲ ਪੈਦਾ ਕਰਦੇ ਹਾਂ ਉਹ ਆਪਣੇ ਲਈ ਵੀ ਨਹੀਂ ਰੱਖਦੇ, ਸਗੋਂ ਦੇਸ਼ ਨੂੰ ਦੇ ਦਿੰਦੇ ਹਾਂ। ਸਾਡੇ ਕੋਲ ਪਾਣੀ ਦੀ ਇੱਕ ਵੀ ਬੂੰਦ ਵਾਧੂ ਨਹੀਂ ਬਚੀ ਹੈ।ਉਨ੍ਹਾਂ ਕਿਹਾ ਕਿ ਬੀਬੀਐਮਬੀ ਵਿੱਚ ਪੰਜਾਬ ਦਾ 60% ਹਿੱਸਾ ਹੈ, ਜਦੋਂ ਕਿ ਦੂਜੇ ਰਾਜਾਂ ਦਾ 40% ਹਿੱਸਾ ਹੈ। ਮੈਂਬਰਾਂ ਦੀ ਨਿਯੁਕਤੀ ਇਸ ਅਨੁਪਾਤ ਵਿੱਚ ਕੀਤੀ ਗਈ ਸੀ ਤੇ ਫੈਸਲੇ ਵੀ 60% ਹਿੱਸੇਦਾਰੀ ਦੇ ਆਧਾਰ 'ਤੇ ਲਏ ਗਏ ਸਨ। ਮੀਟਿੰਗ ਦੀ ਜਾਣਕਾਰੀ ਸੱਤ ਦਿਨ ਪਹਿਲਾਂ ਦੇਣੀ ਚਾਹੀਦੀ ਸੀ, ਪਰ ਇਸ ਪ੍ਰਕਿਰਿਆ ਵਿੱਚ ਪੰਜਾਬ ਨੂੰ ਅਣਗੌਲਿਆ ਕਰ ਦਿੱਤਾ ਗਿਆ।ਬੀਬੀਐਮਬੀ ਵੱਲੋਂ ਲਿਆ ਗਿਆ ਹਾਲੀਆ ਫੈਸਲਾ ਗੈਰ-ਕਾਨੂੰਨੀ ਹੈ। ਇਸ ਫੈਸਲੇ ਦਾ ਵਿਰੋਧ ਕਰਦੇ ਹੋਏ, ਵਿਧਾਇਕ ਨੇ ਸਦਨ ਵਿੱਚ ਇਸਦੀ ਕਾਪੀ ਪਾੜ ਦਿੱਤੀ। ਸੁਖਾਨੰਦ ਨੇ ਜ਼ੋਰ ਦੇ ਕੇ ਕਿਹਾ ਕਿ ਪੰਜਾਬ ਦੇ ਅਧਿਕਾਰਾਂ ਨੂੰ ਨਜ਼ਰਅੰਦਾਜ਼ ਕਰਨਾ ਬਰਦਾਸ਼ਤ ਨਹੀਂ ਕੀਤਾ ਜਾਵੇਗਾ।

ਇਸ ਮੌਕੇ ਮੰਤਰੀ ਤੇ ਆਮ ਆਦਮੀ ਪਾਰਟੀ ਦੇ ਸੂਬਾ ਪ੍ਰਧਾਨ ਅਮਨ ਅਰੋੜਾ ਨੇ ਕਿਹਾ ਕਿ ਪੰਜਾਬੀਆਂ ਦੀ ਜਾਨ ਪਿਆਰ ਨਾਲ ਲਓ, ਪਰ ਧੱਕਾ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਪੰਜਾਬ ਨੇ ਮਨੁੱਖੀ ਆਧਾਰ 'ਤੇ ਹਰਿਆਣਾ ਨੂੰ 4,000 ਕਿਊਸਿਕ ਪਾਣੀ ਦਿੱਤਾ। ਕੇਂਦਰ ਅਤੇ ਹਰਿਆਣਾ ਜ਼ੋਰ ਪਾ ਰਹੇ ਹਨ। ਇਹ ਪਹਿਲੀ ਵਾਰ ਨਹੀਂ ਹੋਇਆ, ਇਹ ਕਈ ਸਾਲਾਂ ਤੋਂ ਹੁੰਦਾ ਆ ਰਿਹਾ ਹੈ। ਪੰਜਾਬ ਦੀ ਬਾਂਹ ਮਰੋੜੀ ਜਾ ਰਹੀ ਹੈ।

# ਪੰਜਾਬ ਵਿੱਚ ਹੁਣ ਸੜਕਾਂ ਅਤੇ ਰੇਲ ਪਟੜੀਆਂ ਰੋਕਣ ਵਾਲਿਆਂ ਤੇ ਹੋਵੇਗੀ ਸ਼ਖ਼ਤ ਕਾਰਵਾਈ:- ਮੁੱਖ ਮੰਤਰੀ ਮਾਨ



ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਧਰਨੇ-ਪ੍ਰਦਰਸ਼ਨ ਕਰਨ ਵਾਲਿਆਂ ਨੂੰ ਸਖਤ ਚੇਤਾਵਨੀ ਦਿੱਤੀ ਗਈ ਹੈ। ਉਨ੍ਹਾਂ ਨੇ ਆਪਣੇ ਸੋਸ਼ਲ ਮੀਡੀਆ ਐਕਸ ਉੱਤੇ ਪੋਸਟ ਪਾ ਕੇ ਲਿਖਿਆ ਹੈ ਕਿ ਜੇਕਰ ਕੋਈ ਪੰਜਾਬ ਵਿੱਚ ਸੜਕਾਂ ਰੋਕਣ ਜਾਂ ਰੇਲਾਂ ਰੋਕਣ ਜਾਂ ਆਮ ਲੋਕਾਂ ਨੂੰ ਤੰਗ ਪ੍ਰੇਸ਼ਾਨ ਕਰਨ ਵਾਲੇ ਅਤੇ ਰੋਜ਼ਾਨਾ ਦੇ ਕੰਮਾਂ ਕਾਰਾਂ ਚ ਵਿਘਨ ਪਾਉਣ ਦੇ ਕੋਸ਼ਿਸ਼ ਕਰੇਗਾ ਉਸ ਦੇ ਖਿਲਾਫ ਸਖਤ ਐਕਸ਼ਨ ਹੋਏਗਾ।

ਉਨ੍ਹਾਂ ਨੇ ਐਕਸ ਉੱਤੇ ਲਿਖਿਆ ਹੈ- ਪੰਜਾਬ ਵਿੱਚ ਸੜਕਾਂ ਰੋਕਣ ਜਾਂ ਰੇਲਾਂ ਰੋਕਣ ਜਾਂ ਆਮ ਲੋਕਾਂ ਨੂੰ ਤੰਗ ਪ੍ਰੇਸ਼ਾਨ ਕਰਨ ਵਾਲੇ ਅਤੇ ਰੋਜ਼ਾਨਾ ਦੇ ਕੰਮਾਂ ਕਾਰਾਂ ਚ ਵਿਘਨ ਪਾਉਣ ਵਾਲੇ ਕੋਈ ਵੀ ਐਲਾਨ,ਧਰਨੇ ਜਾਂ ਹੜਤਾਲਾਂ ..ਪਬਲਿਕ ਦੇ ਵਿਰੁੱਧ ਮੰਨੇ ਜਾਣਗੇ..ਸਾਰੀਆਂ ਸੰਸਥਾਵਾਂ, ਜਥੇਬੰਦੀਆਂ ਅਤੇ ਯੂਨੀਅਨਾਂ ਧਿਆਨ ਦੇਣ..ਵਿਰੋਧ ਕਰਨ ਦੇ ਹੋਰ ਵੀ ਤਰੀਕੇ ਹਨ ਸਿਰਫ਼ ਲੋਕਾਂ ਨੂੰ ਤੰਗ ਕਰਨਾ ਸਹੀ ਨਹੀਂ ..ਵਰਨਾ ਸਖ਼ਤ ਕਾਨੂੰਨੀ ਕਾਰਵਾਈ ਲਈ ਤਿਆਰ ਰਹਿਣ.. ਪੰਜਾਬ ਦੇ ਮਿਹਨਤੀ ਲੋਕਾਂ ਦੇ ਹਿੱਤ ਚ ਜਾਰੀ

# ਕਿਸਾਨ ਲੀਡਰ ਡੱਲੇਵਾਲ ਅਤੇ ਪੰਧੇਰ ਦਾ ਵੱਡਾ ਐਲਾਨ, ਸ਼ੰਭੂ ਥਾਣੇ ਦਾ 6 ਮਈ ਨੂੰ ਕਰਾਂਗੇ ਘਿਰਾਓ



ਚੰਡੀਗੜ੍ਹ-ਕਿਸਾਨ ਮਜ਼ਦੂਰ ਮੋਰਚਾ ਭਾਰਤ ਅਤੇ ਸੰਯੁਕਤ ਕਿਸਾਨ ਮੋਰਚਾ ਗੈਰ ਰਾਜਨੀਤਿਕ ਵੱਲੋਂ ਚੰਡੀਗੜ੍ਹ ਦੇ ਕਿਸਾਨ ਭਵਨ ਵਿੱਚ ਮੀਟਿੰਗ ਕਰਨ ਤੋਂ ਬਾਅਦ ਪ੍ਰੈਸ ਕਾਨਫਰੰਸ ਕਰਦਿਆਂ ਸੀਨੀਅਰ ਕਿਸਾਨ ਆਗੂ ਸਰਵਣ ਸਿੰਘ ਪੰਧੇਰ ਅਤੇ ਜਗਜੀਤ ਸਿੰਘ ਡੱਲੇਵਾਲ ਨੇ ਕਿਹਾ ਕਿ ਦੋਨਾਂ ਫੋਰਮਾਂ ਵੱਲੋਂ ਆਉਂਦੇ ਦਿਨਾਂ ਵਿੱਚ ਕੀਤੇ ਜਾਣ ਵਾਲੇ ਐਕਸ਼ਨ ਪ੍ਰੋਗਰਾਮਾਂ ਅਤੇ ਹੋਰ ਵਿਸ਼ਿਆਂ ਤੇ ਵਿਚਾਰ ਚਰਚਾ ਕੀਤੀ।

ਉਹਨਾਂ ਕੇਂਦਰ ਵੱਲੋਂ ਦੋਬਾਰਾ ਲਿਖੀ ਚਿੱਠੀ ਤੇ ਕਿਹਾ ਕਿ ਹੈਰਾਨੀ ਦੀ ਗੱਲ ਹੈ ਕਿ ਕੇਂਦਰ ਸਰਕਾਰ ਜਿਸਨੇ ਅੱਜ ਤੱਕ ਸਿੱਖਿਆ ਨੀਤੀ, ਖੇਤੀ ਨੀਤੀ, ਜੀ ਐਸ ਟੀ ਆਦਿ ਚੀਜ਼ਾਂ ਤੇ ਰਾਜਾਂ ਦੇ ਅਧਿਕਾਰਾਂ ਨੂੰ ਖਤਮ ਕਰਨ ਦਾ ਕੰਮ ਕੀਤਾ ਹੈ, ਉਸ ਵੱਲੋਂ ਦੇਸ਼ ਦੇ ਸੰਘੀ ਢਾਂਚੇ ਦੀ ਗੱਲ ਕੀਤੀ ਜਾ ਰਹੀ ਹੈ।ਉਹਨਾਂ ਕਿਹਾ ਕਿ ਪੰਜਾਬ ਸਰਕਾਰ ਨੇ ਨਾ ਸਿਰਫ ਆਗੂਆਂ ਨੂੰ ਧੋਖੇ ਨਾਲ ਹਿਰਾਸਤ ਵਿਚ ਲੈ ਕੇ ਸ਼ੰਭੂ ਅਤੇ ਖਨੌਰੀ ਬਾਰਡਰ ਮੋਰਚਿਆਂ ਨੂੰ ਉਖਾੜਨ ਦਾ ਕੰਮ ਕੀਤਾ ਸਗੋ ਅੱਜ ਵੀ ਕਿਸਾਨਾਂ ਮਜਦੂਰਾਂ ਤੇ ਤਸ਼ੱਦਦ ਜਾਰੀ ਹੈ, ਜਿਸ ਕਾਰਨ ਪੰਜਾਬ ਸਰਕਾਰ ਨੂੰ ਮੀਟਿੰਗ ਵਿੱਚ ਬਿਠਾਉਣ ਦੀ ਤੁਕ ਨਹੀਂ ਬਣਦੀ।

ਉਹਨਾਂ ਕਿਹਾ ਕਿ 6 ਮਈ ਨੂੰ ਸ਼ੰਭੂ ਥਾਣੇ ਦਾ ਘਿਰਾਓ ਕਰਦੇ ਹੋਏ ਜਬਰ ਵਿਰੋਧੀ ਧਰਨਾ ਦੇਣ ਦਾ ਫੈਸਲਾ ਕੀਤਾ ਹੈ। ਉਹਨਾਂ ਕਿਹਾ ਕਿ ਇਸ ਮੋਰਚੇ ਰਾਹੀਂ ਅਸੀਂ ਮੰਗ ਕਰ ਰਹੇ ਹਾਂ ਕਿ 19 ਅਤੇ 20 ਮਾਰਚ ਨੂੰ ਸ਼ੰਭੂ ਖਨੌਰੀ ਮੋਰਚਾ ਉਠਾਉਣ ਵੇਲੇ ਸ਼ੰਬੂ ਬਾਰਡਰ ਪੁਲਿਸੀਆ ਤਸ਼ਦਦ ਕਰਦੇ ਹੋਏ ਕਿਸਾਨ ਆਗੂ ਬਲਵੰਤ ਸਿੰਘ ਬਹਿਰਾਮਕੇ ਤੇ ਥਾਣਾ ਸ਼ੰਭੂ ਦੇ ਐਸਐਚਓ ਹਰਪ੍ਰੀਤ ਸਿੰਘ ਵੱਲੋਂ ਲਾਠੀਚਾਰਜ ਕਰਨ ਅਤੇ ਕਿਸਾਨ ਮਜ਼ਦੂਰ ਅਤੇ ਬੀਬੀਆਂ ਨਾਲ ਬਦਸਲੂਕੀ ਅਤੇ ਕੁੱਟਮਾਰ ਕਰਨ ਵਾਲੇ ਪੁਲਿਸ ਮੁਲਾਜ਼ਮਾ ਨੂੰ ਬਰਖਾਸਤ ਕੀਤਾ ਜਾਵੇ।

ਕਿਸਾਨਾਂ ਧੀਆਂ ਚੋਰੀ ਹੋਈਆਂ ਟਰਾਲੀਆਂ ਅਤੇ ਹੋਰ ਸਮਾਨ ਲੱਭਣ ਵਿੱਚ ਮਦਦ ਕਰਨ ਵਾਲੇ ਨੌਜਵਾਨਾਂ ਤੇ ਸਿਆਸੀ ਰੰਜਿਸ਼ ਤਹਿਤ ਕਰਵਾਏ ਗਏ ਪਰਚੇ ਰੱਦ ਕੀਤੇ ਜਾਣ। ਉਨਾਂ ਕਿਹਾ ਕਿ ਸਭ ਨੂੰ ਪਤਾ ਹੈ ਕਿ ਗੁਰਲਾਲ ਸਿੰਘ ਘਨੌਰ ਐਮਐਲਏ ਆਮ ਆਦਮੀ ਪਾਰਟੀ ਅਤੇ ਉਹਨਾਂ ਦੇ ਕੁਝ ਸਮਰਥਕਾਂ ਵੱਲੋਂ ਸ਼ੰਬੂ ਬਾਰਡਰ ਤੋਂ ਟਰਾਲੀਆਂ ਅਤੇ ਹੋਰ ਸਮਾਨ ਚੋਰੀ ਹੋਣ ਵਿੱਚ ਜਿਕਰ ਆ ਰਿਹਾ ਹੈ ਸੋ ਉਹਨਾਂ ਤੇ ਬਣਦੀ ਕਾਰਵਾਈ ਤਹਿਤ ਪਰਚੇ ਦਰਜ ਕੀਤੇ ਜਾਣ।

# ਪੰਜਾਬ ਪੁਲਿਸ ਨੂੰ ਮਿਲੀ ਵੱਡੀ ਕਾਮਯਾਬੀ ਤਿੰਨ ਵਿਅਕਤੀ 6 ਪਿਸਤੌਲਾਂ ਸਮੇਤ ਕੀਤੇ ਗ੍ਰਿਫਤਾਰ




ਪੰਜਾਬ ਦੇ ਅੰਮ੍ਰਿਤਸਰ ਦਿਹਾਤੀ ਪੁਲੀਸ ਨੇ ਤਿੰਨ ਵਿਅਕਤੀਆਂ ਨੂੰ ਗ੍ਰਿਫਤਾਰ ਕਰਕੇ ਛੇ ਪਿਸਤੌਲ ਬਰਾਮਦ ਕੀਤੇ ਹਨ। ਇਨ੍ਹਾਂ ਵਿੱਚ ਤਿੰਨ ਗਲੌਕ ਪਿਸਤੌਲ ਅਤੇ 30 ਬੋਰ ਦੇ 3 ਬਰੇਟਾ ਪਿਸਤੌਲ ਸ਼ਾਮਲ ਹਨ। ਇਸ ਤੋਂ ਇਲਾਵਾ 20 ਕਾਰਤੂਸ 9 ਐੱਮਐੱਮ ਅਤੇ 20 ਕਾਰਤੂਸ 30 ਬੋਰ ਦੇ, ਚਾਰ ਮੋਬਾਈਲ ਫੋਨ ਅਤੇ ਇੱਕ ਸਕੂਟਰ ਸ਼ਾਮਲ ਹਨ। ਇਸ ਸਬੰਧ ਵਿੱਚ ਗ੍ਰਿਫਤਾਰ ਕੀਤੇ ਗਏ ਵਿਅਕਤੀਆਂ ਦੀ ਸ਼ਨਾਖਤ ਵਿਜੈ ਮਸੀਹ, ਅੰਗਰੇਜ਼ ਸਿੰਘ ਅਤੇ ਇਕਬਾਲ ਸਿੰਘ ਵਜੋਂ ਹੋਈ ਹੈ। ਇਹ ਸਾਰੇ ਤਰਨ ਤਾਰਨ ਜ਼ਿਲ੍ਹੇ ਨਾਲ ਸਬੰਧਤ ਹਨ।

ਇਸ ਸਬੰਧ ਵਿੱਚ ਡੀਜੀਪੀ ਗੌਰਵ ਯਾਦਵ ਨੇ ਆਪਣੇ ਐਕਸ ਖਾਤੇ 'ਤੇ ਖੁਲਾਸਾ ਕਰਦਿਆਂ ਦੱਸਿਆ ਕਿ ਗ੍ਰਿਫਤਾਰ ਕੀਤੇ ਗਏ ਇਹ ਵਿਅਕਤੀ ਯੂਕੇ ਅਧਾਰਤ ਗੈਂਗਸਟਰ ਧਰਮਪ੍ਰੀਤ ਸਿੰਘ ਉਰਫ ਧਰਮਾ ਸੰਧੂ ਅਤੇ ਜੱਸਾ ਪੱਟੀ ਨਾਲ ਸਬੰਧਤ ਹਨ। ਉਨ੍ਹਾਂ ਦੱਸਿਆ ਕਿ ਮੁੱਢਲੀ ਜਾਂਚ ਤੋਂ ਪਤਾ ਲੱਗਾ ਹੈ ਕਿ ਇਹ ਅੰਤਰਰਾਸ਼ਟਰੀ ਅਪਰਾਧ ਸੰਗਠਨ ਨਾਲ ਜੁੜੇ ਹੋਏ ਹਨ ਅਤੇ ਨਾਜਾਇਜ਼ ਹਥਿਆਰਾਂ ਦੀ ਸਪਲਾਈ ਦੇ ਕਾਰੋਬਾਰ ਵਿੱਚ ਸ਼ਾਮਲ ਹਨ। ਇਸ ਸਬੰਧ ਵਿੱਚ ਪੁਲੀਸ ਵੱਲੋਂ ਥਾਣਾ ਲੋਪੋਕੇ ਵਿੱਚ ਕੇਸ ਦਰਜ ਕੀਤਾ ਗਿਆ ਹੈ।

# ਰਾਮਗੜ੍ਹੀਆ ਕਾਲਜ ਵਿਖੇ ਮਨਾਇਆ ਗਿਆ ਜੱਸਾ ਸਿੰਘ ਰਾਮਗੜ੍ਹੀਆ ਦਾ ਜਨਮ ਦਿਨ



ਫਗਵਾੜਾ : (ਸੁਸ਼ੀਲ ਸ਼ਰਮਾ )ਸਥਾਨਕ ਰਾਮਗੜ੍ਹੀਆ ਕਾਲਜ ਵਿਖੇ ਅੱਜ ਸ. ਜੱਸਾ ਸਿੰਘ ਰਾਮਗੜ੍ਹੀਆ ਦੇ ਜਨਮ ਦਿਵਸ ਮੌਕੇ ਉੱਪਰ ਵਿਸ਼ੇਸ਼ ਤੌਰ ਤੇ ਲੈਕਚਰ ਕਰਵਾਏ ਗਏ। ਇਸ ਵਿੱਚ ਦੋ ਬੁਲਾਰਿਆਂ ਨੇ ਵਿਸ਼ੇਸ਼ ਤੌਰ ਤੇ ਸ਼ਿਰਕਤ ਕੀਤੀ। ਸੇਵਾ ਮੁਕਤ ਪ੍ਰੋਫੈਸਰ ਅਵਤਾਰ ਸਿੰਘ, ਪੋਸਟ ਗਰੈਜੂਏਟ ਪੰਜਾਬੀ ਵਿਭਾਗ, ਰਾਮਗੜ੍ਹੀਆ ਕਾਲਜ ਫਗਵਾੜਾ (ਭਾਰਤੀ ਸਾਹਿਤ ਅਕਾਦਮੀ ਵੱਲੋਂ 2023 ਦਾ ਉੱਤਰੀ ਭਾਰਤ ਵੱਲੋਂ ਭਾਸ਼ਾ ਸਨਮਾਨ ਜੇਤੂ) ਨੇ ਸ. ਜੱਸਾ ਸਿੰਘ ਰਾਮਗੜ੍ਹੀਆ ਦੇ ਜੀਵਨ ਸੰਬੰਧੀ ਵਿਸ਼ੇਸ਼ ਨੁਕਤੇ ਸਾਂਝੇ ਕੀਤੇ। ਉਨ੍ਹਾਂ ਨੇ ਸ. ਜੱਸਾ ਸਿੰਘ ਰਾਮਗੜ੍ਹੀਆ ਜੀ ਦੀ ਸਖ਼ਸ਼ੀਅਤ ਨੂੰ ਭਾਰਤੀ ਨਾਇਕਾਂ ਦੀ ਮੁੱਖ ਫਹਿਰਿਸਤ ਵਿੱਚ ਸ਼ਾਮਿਲ ਕਰਦਿਆਂ ਉਨ੍ਹਾਂ ਦੀ ਸਮਾਜ ਨੂੰ ਦੇਣ ਬਾਰੇ ਗੱਲ ਕੀਤੀ। ਉਨ੍ਹਾਂ ਦੀ ਸਖ਼ਸ਼ੀਅਤ ਨੂੰ ਉਨ੍ਹਾਂ ਦੇ ਪਰਿਵਾਰਕ ਪਿਛੋਕੜ ਨਾਲ ਜੋੜਦਿਆਂ ਸਿੱਖੀ ਦੇ ਮਾਰਗ ਨੂੰ ਜੀਵਨ ਸ਼ੈਲੀ ਵਿੱਚ ਢਾਲ ਕੇ ਜਿਊਣ ਵਾਲੇ ਦੱਸਿਆ। ਉਨ੍ਹਾਂ ਦੱਸਿਆ ਕਿ ਦਿੱਲੀ ਦੇ ਤਖ਼ਤ ਉੱਪਰ ਪੰਜ ਸਿੱਖਾਂ ਵੱਲੋਂ ਕਾਬਜ ਹੋਣ ਦੇ ਬਾਵਜੂਦ ਜੱਸਾ ਸਿੰਘ ਰਾਮਗੜ੍ਹੀਆ ਨੇ ਜੱਸਾ ਸਿੰਘ ਆਹਲੂਵਾਲੀਆ ਨੂੰ ਸਿੱਖੀ ਸਿਧਾਂਤ ਯਾਦ ਕਰਵਾਏ ਸਨ ਤੇ ਤਖ਼ਤ ਉੱਪਰ ਬੈਠਣਾ ਸਿੱਖੀ ਆਕਦਿਆਂ ਦੇ ਵਿਰੋਧੀ ਮੰਨਿਆ ਸੀ।

ਦੂਜੇ ਬੁਲਾਰੇ ਪ੍ਰਿੰਸੀਪਲ ਡਾ. ਇੰਦਰਜੀਤ ਸਿੰਘ ਬਾਸੂ ਜੋ ਕਿ 14 ਪੁਸਤਕਾਂ ਦੇ ਰਚੇਤਾ ਹਨ ਤੇ ਕਈ ਇਨਾਮ ਵਿਜੇਤਾ ਹਨ ਨੇ ਆਪਣੇ ਭਾਸ਼ਣ ਵਿੱਚ ਸ. ਜੱਸਾ ਸਿੰਘ ਰਾਮਗੜ੍ਹੀਆ ਜੀ ਦੀ ਸ਼ਖ਼ਸੀਅਤ ਦੇ ਕਈ ਪੱਖ ਉਘਾੜੇ। ਬਾਸੂ ਜੀ ਨੇ ਸ. ਜੱਸਾ ਸਿੰਘ ਜੀ ਦੇ ਜੀਵਨ ਨਾਲ ਸੰਬੰਧਿਤ ਕਵਿਤਾ ਵੀ ਪੜ੍ਹੀ। ਪ੍ਰਿੰਸੀਪਲ ਡਾ. ਮਨਜੀਤ ਸਿੰਘ ਨੇ ਅੱਜ ਦੇ ਦਿਨ ਦੀ ਵਿਸ਼ੇਸ਼ਤਾ ਦਾ ਸੰਬੰਧ ਰਾਮਗੜ੍ਹੀਆ ਕਾਲਜ ਦੇ ਇਤਿਹਾਸ ਨਾਲ ਜੋੜ ਕੇ ਦੱਸੀ। ਉਨ੍ਹਾਂ ਨੇ ਰਾਮਗੜ੍ਹੀਆ ਵਿਦਿਅਕ ਅਦਾਰਿਆਂ ਲਈ ਅੱਜ ਦੇ ਦਿਵਸ ਦੀ ਵਿਸ਼ੇਸ਼ ਮਹੱਤਤਾ ਨੂੰ ਵੀ ਬਿਆਨ ਕੀਤਾ।

ਮੈਡਮ ਮਨਪ੍ਰੀਤ ਕੌਰ ਭੋਗਲ ਜੀ ਪ੍ਰਧਾਨ ਰਾਮਗੜ੍ਹੀਆ ਵਿਦਿਅਕ ਅਦਾਰੇ ਨੇ ਬਹੁਤ ਮਾਣ ਤੇ ਸਤਿਕਾਰ ਨਾਲ ਸ. ਜੱਸਾ ਸਿੰਘ ਰਾਮਗੜ੍ਹੀਆ ਜੀ ਦੇ ਜਨਮ ਦਿਵਸ ਮੌਕੇ ਸਭ ਨੂੰ ਵਧਾਈ ਦਿੱਤੀ ਤੇ ਅਜਿਹੇ ਸੂਰਬੀਰਾਂ ਦੀ ਜੀਵਨ ਸ਼ੈਲੀ ਤੋਂ ਸਿੱਖਿਆ ਤੇ ਪ੍ਰੇਰਨਾ ਲੈਣ ਦੀ ਤਾਕੀਦ ਕੀਤੀ।

ਇਸ ਮੌਕੇ ਐਸ ਡੀ ਓ ਬਲਵੀਰ ਸਿੰਘ, ਸ. ਸੁਦਰਸ਼ਨ ਸਿੰਘ ਚੀਫ਼ ਇੰਜੀਨੀਅਰ, ਸ੍ਰੀ ਹਕੂਮਤ ਰਾਏ ਰਿਟਾ. ਮੈਨੇਜਰ ਸਟੇਟ ਬੈਂਕ ਆਫ਼ ਇੰਡੀਆ, ਸ੍ਰੀ ਭਜਨ ਕਲੇਰ ਓ ਐਨ ਜੀ ਸੀ ਜਰਨਲ ਮੈਨੇਜਰ, ਲੈਕਚਰਾਰ ਗਿਆਨ ਸਿੰਘ (ਮੈਥ) , ਸ੍ਰੀ ਬਚਿੱਤਰ ਸਿੰਘ ਜੀ, ਸੁਪਰਡੈਂਟ ਅਸ਼ਵਨੀ ਸ਼ਰਮਾ ਹਦੀਆਬਾਦ, ਸ. ਗੁਰਨਾਮ ਸਿੰਘ (ਅੰਤਰਰਾਸ਼ਟਰੀ ਕੋਚ) , ਪ੍ਰੋਫੈਸਰ ਹਰਪ੍ਰੀਤ ਸਿੰਘ ਆਦਿ ਦੇ ਨਾਲ ਕਾਲਜ ਸਟਾਫ਼ ਵਿੱਚੋਂ ਪ੍ਰੋਫੈਸਰ ਹਰਮੀਤ ਕੌਰ,ਸ੍ਰੀ ਮਤੀ ਪਰਮਿੰਦਰ ਕੌਰ, ਸ੍ਰੀ ਰਵੀ ਸੂਰੀ, ਸ੍ਰੀ ਹਰੀਸ਼ ਕੁਮਾਰ, ਆਦਿ ਹਾਜਰ ਸ਼ਨ ।

# ਭਗਵੰਤ ਮਾਨ ਦੀ ਜਾਬਰ ਸਰਕਾਰ ਦੇ ਲੋਕਾਂ ਖਿਲਾਫ ਲਏ ਫੈਸਲੇ ਦੀ ਪੰਜਾਬ ਸਟੂਡੈਂਟਸ ਯੂਨੀਅਨ (ਲਲਕਾਰ) ਵੱਲੋਂ ਨਿਖੇਧੀ




ਅੱਜ ਪੰਜਾਬ ਦੀ ਭਗਵੰਤ ਮਾਨ ਸਰਕਾਰ ਦੁਆਰਾ ਇੱਕ ਲੋਕ ਵਿਰੋਧੀ ਫੈਸਲਾ ਲਿਆ ਗਿਆ ਹੈ। ਇਸ ਫੈਸਲੇ ਵਿੱਚ ਉਹਨੇ ਸੰਘਰਸ਼ਸ਼ੀਲ ਲੋਕਾਂ/ਜਥੇਬੰਦੀਆਂ ਤੇ ਕਾਰਵਾਈ ਕਰਨ ਦੀ ਧਮਕੀ ਦਿੱਤੀ ਹੈ॥

ਭੁੱਖਾਂ ਦੁੱਖਾਂ ਤੇ ਜਬਰ ਦੇ ਸਤਾਏ ਲੋਕਾਂ ਦਾ ਲੜਨਾ ਸ਼ੌਕ ਨਹੀਂ, ਮਜਬੂਰੀ ਹੈ। ਜਦੋਂ ਜਾਬਰ ਸਰਕਾਰਾਂ ਲੋਕਾਂ ਦੇ ਹੱਕ ਦੀ ਅਵਾਜ ਸੁਣਨ ਤੋਂ ਇਨਕਾਰੀ ਹੋ ਜਾਂਦੀਆਂ ਨੇ, ਤਾਂ ਮਜਬੂਰਨ ਲੋਕਾਂ ਨੂੰ ਸੜਕਾਂ ਤੇ ਉੱਤਰਨਾ ਪੈਂਦਾ ਹੈ। ਜੇਕਰ ਸਰਕਾਰਾਂ ਲੋਕਾਂ ਦੇ ਮਸਲੇ ਹੱਲ ਕਰਨ ਤਾਂ ਕਿਸੇ ਧਰਨੇ, ਮੁਜਾਹਰੇ ਦੀ ਲੋੜ ਹੀ ਨਹੀਂ ਰਹੇਗੀ। ਪੰਜਾਬ ਸਰਕਾਰ ਦੀ ਤਾਂ ਓਹ ਗੱਲ ਹੈ, ਅਖੇ ਲੁੱਟਾਂਗੇ ਵੀ ਅਤੇ ਕੁੱਟਾਂਗੇ ਵੀ।

ਇਤਿਹਾਸ ਗਵਾਹ ਹੈ ਕਿ ਇਸ ਤਰਾਂ ਦੇ ਜਾਬਰ ਫਰਮਾਨਾਂ ਨਾਲ਼ ਲੋਕਾਂ ਨੂੰ ਡਰਾਇਆ ਨਹੀਂ ਜਾ ਸਕਦਾ। ਜਾਬਰ ਸਰਕਾਰ ਦੁਆਰਾ ਲੋਕਾਂ ਖਿਲਾਫ ਲਏ ਫੈਸਲੇ ਦੀ ਪੰਜਾਬ ਸਟੂਡੈਂਟਸ ਯੂਨੀਅਨ (ਲਲਕਾਰ) ਨਿਖੇਧੀ ਕਰਦੀ ਹੈ।

# ਵਰਕਿੰਗ ਜਰਨਲਿਸਟਸ ਆਫ਼ ਇੰਡੀਆ ਨੇ ਡਾ. ਵਿਨੋਦ ਕੁਮਾਰ ਨੂੰ ਚੰਡੀਗੜ੍ਹ ਸੰਯੋਜਕ ਦੀ ਜ਼ਿੰਮੇਵਾਰੀ ਸੌਂਪੀ



ਚੰਡੀਗੜ੍ਹ/ਦਿੱਲੀ। ਵਰਕਿੰਗ ਜਰਨਲਿਸਟਸ ਆਫ਼ ਇੰਡੀਆ ਦੀ ਕੇਂਦਰੀ ਕਮੇਟੀ ਨੇ ਡਾ. ਵਿਨੋਦ ਕੁਮਾਰ ਸ਼ਰਮਾ ਨੂੰ ਯੂਨੀਅਨ ਦੀ ਕੇਂਦਰ ਸ਼ਾਸਤ ਪ੍ਰਦੇਸ਼ ਚੰਡੀਗੜ੍ਹ ਇਕਾਈ ਦੇ ਕਨਵੀਨਰ ਵਜੋਂ ਨਾਮਜ਼ਦਗੀ ਲਈ ਚੁਣਿਆ ਹੈ। ਇਸ ਹੈਸੀਅਤ ਵਿੱਚ, ਉਹਨਾਂ ਨੂੰ ਚੰਡੀਗੜ੍ਹ ਵਿੱਚ ਕੇਂਦਰੀ ਪ੍ਰਤੀਨਿਧੀ ਵਜੋਂ ਡਿਊਟੀਆਂ ਨਿਭਾਉਣੀਆਂ ਪੈਣਗੀਆਂ ਅਤੇ ਇਸ ਸੰਦਰਭ ਵਿੱਚ, ਉਹਨਾਂ ਨੂੰ ਕੇਂਦਰੀ ਕਮੇਟੀ ਦੁਆਰਾ ਸਮੇਂ-ਸਮੇਂ ਤੇ ਜਾਰੀ ਕੀਤੀਆਂ ਗਈਆਂ ਨੀਤੀਆਂ ਅਤੇ ਨਿਰਦੇਸ਼ਾਂ ਦਾ ਪ੍ਰਚਾਰ ਅਤੇ ਮਜ਼ਬੂਤੀ ਦੇਣ ਦੀ ਜ਼ਿੰਮੇਵਾਰੀ ਵੀ ਸੌਂਪੀ ਗਈ ਹੈ। ਡਾ. ਵਿਨੋਦ ਕੁਮਾਰ ਸ਼ਰਮਾ ਨੇ ਇਹ ਯਕੀਨੀ ਬਣਾਇਆ ਕਿ ਉਹ ਹਮੇਸ਼ਾ ਸੰਗਠਨ ਪ੍ਰਤੀ ਸਮਰਪਿਤ ਰਹਿਣਗੇ।

ਇਸ ਉਮੀਦ ਅਤੇ ਵਿਸ਼ਵਾਸ ਨਾਲ, ਭਾਰਤ ਦੇ ਵਰਕਿੰਗ ਜਰਨਲਿਸਟ ਉਮੀਦ ਕਰਦੇ ਹਨ ਕਿ ਡਾ. ਵਿਨੋਦ ਕੁਮਾਰ ਸ਼ਰਮਾ ਹਮੇਸ਼ਾ ਆਪਣੇ ਅਹੁਦੇ, ਮਾਣ ਅਤੇ ਫਰਜ਼ਾਂ ਨੂੰ ਕੁਸ਼ਲਤਾ ਨਾਲ ਨਿਭਾਉਂਦੇ ਰਹਿਣਗੇ। ਆਪਣੀ ਖੁਸ਼ੀ ਜ਼ਾਹਰ ਕਰਦੇ ਹੋਏ, ਉਨ੍ਹਾਂ ਨੇ ਵਰਕਿੰਗ ਜਰਨਲਿਸਟਸ ਆਫ਼ ਇੰਡੀਆ ਦੇ ਅਧਿਕਾਰੀਆਂ ਅਤੇ ਮੈਂਬਰਾਂ ਦਾ ਧੰਨਵਾਦ ਕੀਤਾ। ਉਨ੍ਹਾਂ ਭਰੋਸਾ ਦਿੱਤਾ ਕਿ ਚੰਡੀਗੜ੍ਹ ਯੂਨਿਟ ਜਲਦੀ ਹੀ ਬਣਾਈ ਜਾਵੇਗੀ। ਨਰਿੰਦਰ ਭੰਡਾਰੀ, ਰਾਸ਼ਟਰੀ ਜਨਰਲ ਸਕੱਤਰ, ਵਰਕਿੰਗ ਜਰਨਲਿਸਟਸ ਆਫ਼ ਇੰਡੀਆ

ਡਾ. ਵਿਨੋਦ ਕੁਮਾਰ ਸ਼ਰਮਾ ਨੂੰ ਨਿਯੁਕਤੀ ਪੱਤਰ ਰਾਹੀਂ ਸੂਚਿਤ ਕਰ ਦਿੱਤਾ ਗਿਆ ਹੈ।

# ਸਾਬਕਾ ਸੈਨਿਕਾਂ ਤੇ ਆਸ਼ਰਿਤਾਂ ਦੀਆਂ ਮੁਸ਼ਕਿਲਾਂ ਪਹਿਲ ਦੇ ਆਧਾਰ ਤੇ ਹੱਲ ਕਰਨ ਦੇ ਨਿਰਦੇਸ਼




ਫਗਵਾੜਾ-ਕਪੂਰਥਲ਼ਾ (ਸੁਸ਼ੀਲ ਸ਼ਰਮਾ) ਜ਼ਿਲ੍ਹਾ ਸੈਨਿਕ ਬੋਰਡ ਕਪੂਰਥਲਾ ਦੀ ਤਿਮਾਹੀ ਮੀਟਿੰਗ ਡਿਪਟੀ ਕਮਿਸ਼ਨਰ ਕਪੂਰਥਲਾ ਅਮਿਤ ਕੁਮਾਰ ਪੰਚਾਲ ਪ੍ਰਧਾਨਗੀ ਹੇਠ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਦੇ ਮੀਟਿੰਗ ਹਾਲ ਵਿਖੇ ਹੋਈ।

ਡਿਪਟੀ ਕਮਿਸ਼ਨਰ ਨੇ ਕਿਹਾ ਕਿ ਸੇਵਾ ਕਰ ਰਹੇ ਸੈਨਿਕਾਂ/ਸਾਬਕਾ ਸੈਨਿਕਾਂ ਅਤੇ ਉਨ੍ਹਾਂ ਦੇ ਆਸ਼ਰਿਤਾਂ ਦੀਆਂ ਸਮੱਸਿਆਵਾਂ ਨੂੰ ਪਹਿਲ ਦੇ ਆਧਾਰ 'ਤੇ ਹੱਲ ਕਰਨਾ ਯਕੀਨੀ ਬਣਾਇਆ ਜਾਵੇ।

ਉਨ੍ਹਾਂ ਕਿਹਾ ਕਿ ਝੰਡਾ ਦਿਵਸ ਫੰਡ ਲਈ ਜਿਨ੍ਹਾਂ ਵਿਭਾਗਾਂ/ਵਿਦਿਅਕ ਅਦਾਰਿਆਂ ਵੱਲੋਂ ਅਜੇ ਤੱਕ ਆਪਣੀ ਬਣਦੀ ਰਾਸ਼ੀ ਜਮ੍ਹਾਂ ਨਹੀਂ ਕਰਵਾਈ ਗਈ ਹੈ, ਨੂੰ ਆਪਣੀ ਬਣਦੀ ਰਾਸ਼ੀ ਜਲਦੀ ਤੋਂ ਜਲਦੀ ਜਮ੍ਹਾਂ ਕਰਵਾਉਣ ਸਬੰਧੀ ਹਦਾਇਤਾਂ ਜਾਰੀ ਕੀਤੀਆਂ।

ਉਨ੍ਹਾਂ ਕਿਹਾ ਕਿ ਸਾਬਕਾ ਸੈਨਿਕਾਂ ਦੀ ਭਲਾਈ ਲਈ ਕੇਂਦਰ ਸਰਕਾਰ ਤੇ ਪੰਜਾਬ ਸਰਕਾਰ ਵੱਲੋਂ ਉਲੀਕੀਆਂ ਗਈਆਂ ਭਲਾਈ ਸਕੀਮਾਂ ਨੂੰ ਸੁਚਾਰੂ ਢੰਗ ਨਾਲ ਲਾਗੂ ਕਰਕੇ ਉਨ੍ਹਾਂ ਨੂੰ ਵੱਧ ਤੋਂ ਵੱਧ ਲਾਭ ਪਹੁੰਚਾਇਆ ਜਾਵੇ।

ਜ਼ਿਲ੍ਹਾ ਰੱਖਿਆ ਸੇਵਾਵਾਂ ਭਲਾਈ ਅਫਸਰ, ਕਪੂਰਥਲਾ ਲੈਫਟੀਨੈਂਟ ਕਰਨਲ ਸਰਬਜੀਤ ਸਿੰਘ ਸੈਣੀ ਨੇ ਝੰਡਾ ਦਿਵਸ ਫੰਡ ਦੀ ਰਾਸ਼ੀ ਇੱਕਤਰ ਕਰਨ, ਸੇਵਾ ਕਰ ਰਹੇ ਸੈਨਿਕਾਂ, ਸਾਬਕਾ ਸੈਨਿਕਾਂ ਅਤੇ ਉਨ੍ਹਾਂ ਦੇ ਪਰਿਵਾਰਾਂ ਪਾਸੋਂ ਦਰਖਾਸਤਾਂ ਜਾਂ ਸ਼ਿਕਾਇਤਾਂ ਨੂੰ ਹੱਲ ਕਰਨ, ਉਨ੍ਹਾਂ ਨੂੰ ਬਣਦਾ ਮਾਣ-ਸਨਮਾਨ ਦੇਣ, ਸੈਨਿਕਾਂ/ਸਾਬਕਾ ਸੈਨਿਕਾਂ ਤੇ ਉਨ੍ਹਾਂ ਦੇ ਵਿਧਵਾਵਾਂ ਲਈ ਸੁਵਿਧਾ ਸੈਂਟਰ, ਕਪੂਰਥਲਾ ਵਿਖੇ ਅਲੱਗ ਕਾਊਂਟਰ ਖੋਲਣ ਆਦਿ ਬਾਰੇ ਡਿਪਟੀ ਕਮਿਸ਼ਨਰ ਨੂੰ ਜਾਣੂ ਕਰਵਾਇਆ।

ਉਨ੍ਹਾਂ ਦੱਸਿਆ ਕਿ ਵਿੱਤੀ ਸਾਲ 2024-2025 ਦੌਰਾਨ ਜ਼ਿਲ੍ਹਾ ਰਖਿਆ ਸੇਵਾਵਾਂ ਭਲਾਈ ਦਫਤਰ ਕਪੂਰਥਲਾ ਵੱਲੋਂ ਸਾਬਕਾ ਸੈਨਿਕਾਂ/ਵਿਧਵਾਵਾਂ ਨੂੰ ਸਰਕਾਰ ਦੀਆਂ ਵੱਖ-ਵੱਖ ਭਲਾਈ ਸਕੀਮਾਂ ਤਹਿਤ ਇਕ ਕਰੋੜ ਪੰਜ ਲੱਖ ਤੋਂ ਵੱਧ ਰੁਪਏ ਦੀ ਮਾਲੀ ਸਹਾਇਤਾ ਦਿੱਤੀ ਗਈ ਹੈ।ਇਸ ਮੌਕੇ ਦਲਜੀਤ ਸਿੰਘ, ਡੀ.ਐਸ. ਪੀ. ਕਪੂਰਥਲਾ, ਸੰਜੀਵ ਕੁਮਾਰ ਵਿੱਜ, ਜ਼ਿਲ੍ਹਾ ਸਿੱਖਿਆ ਅਫਸਰ ਸੈਕੰਡਰੀ,ਦੀਪਕ ਕੋਚਰ ਨੁਮਾਇੰਦਾ ਪੀ.ਡਬਲਯੂ.ਡੀ.ਡਾ.ਬਲਵਿੰਦਰ ਸਿੰਘ ਜ਼ਿਲ੍ਹਾ ਸਿੱਖਿਆ ਅਫਸਰ ਪ੍ਰਾਇਮਰੀ, ਮੇਜਰ ਸੰਦੀਪ ਸੁਹਾਗ, ਇੰਚਾਰਜ ਸੀ.ਐਸ.ਡੀ.ਕੰਟੀਨ, ਆਰ.ਸੀ.ਬਿਰਹਾ,ਸੈਕਟਰੀ ਰੈਡ ਕਰਾਸ ਸੁਸਾਇਟੀ,ਕੈਪਟਨ ਅਮਰੀਕ ਸਿੰਘ, ਆਨਰੇਰੀ ਕੈਪਟਨ ਗੁਰਦੀਪ ਸਿੰਘ,ਆਨਰੇਰੀ ਕੈਪਟਨ ਗੁਰਦੀਪ ਸਿੰਘ ਮੌਜੂਦ ਸਨ ।

# ਦੇਸ ਵਿਆਪੀ ਹੜਤਾਲ ਲਈ 20 ਮਈ ਨੂੰ ਕਮਰ ਕੱਸ ਲੈਣ ਪੈਂਸ਼ਨਰਜ- ਦਵਿੰਦਰ ਸਿੰਘ




ਫਗਵਾੜਾ-ਅੰਮ੍ਰਿਤਸਰ (ਸੁਸ਼ੀਲ ਸ਼ਰਮਾ) ਪੰਜਾਬ ਰਾਜ ਪੈਨਸ਼ਨਰਜ ਮਹਾਂਸੰਘ ਅੰਮ੍ਰਿਤਸਰ ਦੀ ਮਹੀਨਾਵਾਰ ਮੀਟਿੰਗ ਪ੍ਰਧਾਨ ਦਵਿੰਦਰ ਸਿੰਘ ਦੀ ਅਗਵਾਈ ਹੇਠ ਹੋਈ, ਜਿਸ ਵਿੱਚ ਪੰਜਾਬ ਸਰਕਾਰ ਵੱਲੋਂ ਪੇ-ਕਮਿਸ਼ਨ ਦੀ ਰਿਪੋਰਟ ਅਨੁਸਾਰ ਪੈਨਸ਼ਨਰਜ ਦਾ ਬਕਾਇਆ 1 ਜਨਵਰੀ 2916 ਤੋਂ 31 ਦਿਸੰਬਰ 2017 ਤੱਕ ਦਾ 15 ਕਿਸ਼ਤਾ ਵਿੱਚ ਦੇਣ ਦੀ ਸ਼ੁਰੂਆਤ ਕੀਤੀ ਹੈ,ਬੁਲਾਰਿਆ ਨੇ ਉਸ ਦੀ ਨਿਖੇਧੀ ਕਰਦਿਆ ਜਿਵੇਂ ਗੁਰਮੇਜ ਸਿੰਘ ਅਟਾਰੀ ਡਿਪਟੀ ਜਨਰਲ ਸਕੱਤਰ, ਜੋਗਿੰਦਰ ਸਿੰਘ ਸੀਨੀਅਰ ਮੀਤ ਪ੍ਰਧਾਨ, ਹਰਬੰਸ ਸਿੰਘ ਗੋਲ ਪ੍ਰਮੁੱਖ ਸਰਪ੍ਰਸਤ, ਕੁਲਦੀਪ ਸਿੰਘ ਵਾਹਲਾ ਚੇਅਰਮੈਨ, ਅਵਤਾਰ ਸਿੰਘ ਰੋਖੇ,ਸ਼ਿਵ ਨਰਾਇਣ ਸਹਾਇਕ ਪ੍ਰਬੰਧਕ ਸਕੱਤਰ, ਅਮਰਜੀਤ ਸਿੰਘ ਬੱਗਾ ਪ੍ਰੈਸ ਸਕੱਤਰ, ਜੋਗਿੰਦਰ ਸਿੰਘ ਜਨਰਲ ਸਕੱਤਰ ਵੱਲੋਂ ਮਾਣਯੋਗ ਸੁਪਰੀਮ ਕੋਰਟ ਵਿੱਚ ਕਮਿਊਟ ਸਬੰਧੀ ਅੱਜ ਲੱਗੇ ਕੇਸ ਅਤੇ ਸੈਂਟਲ ਸਰਕਾਰ ਵਿਰੁੱਧ 20 ਮਈ ਦੀ ਦੇਸ਼ ਵਿਆਪੀ ਹੜਤਾਲ ਵਿੱਚ ਸ਼ਾਮਲ ਹੋਣ ਲਈ ਜਲੰਧਰ ਕਨਵੈਨਸ਼ਨ ਜੋ ਦੇਸ਼ ਭਗਤ ਯਾਦਗਾਰ ਹਾਲ ਵਿੱਚ ਹੋਈ। ਉਸ ਦੇ ਫੈਸਲਿਆ ਤੋਂ ਜਾਣੂ ਕਰਵਾਇਆ ਗਿਆ। ਜਿਸ ਦੌਰਾਨ ਹਾਜਰ ਸਾਥੀਆ ਵੱਲੋਂ ਐਕਸ਼ਨ ਵਿੱਚ ਸ਼ਾਮਲ ਹੋਣ ਦੀ ਸਹਿਮਤੀ ਪ੍ਰਗਟਾਈ ਗਈ। ਹਾਜਰ ਆਗੂਆ ਜਿਵੇਂ ਸਵਿੰਦਰ ਸਿੰਘ ਸ਼ਿੰਦਾ ਸਯੁੰਕਤ ਸਕੱਤਰ, ਜੈਕਿਸ਼ਨ ਆਡੀਟਰ, ਜਗਜੀਤ ਸਿੰਘ ਜੱਗਾ ਪ੍ਰਬੰਧਕ ਸਕੱਤਰ, ਗੁਰਦਿਆਲ ਚੰਦ ਐਗਜੈਕਟਿਵ ਮੈਂਬਰ, ਸਾਈਂਦਾਸ ਕਾਨੂੰਨੀ ਸਲਾਹਕਾਰ, ਮਨਜੀਤ ਸਿੰਘ ਸ਼ਾਹ ਸਹਾਇਕ ਆਡੀਟਰ, ਸਵਿੰਦਰ ਸਿੰਘ ਚਾਚਾ ਸਯੁੰਕਤ ਸਕੱਤਰ ਗੁਰਦੀਪ ਸਿੰਘ ਮੀਤ ਪ੍ਰਧਾਨ, ਹਰਮੋਹਿੰਦਰ ਸਿੰਘ ਆਦਿ ਨੇ ਸਰਕਾਰ ਤੋਂ ਮੰਗ ਕੀਤੀ ਕਿ ਸਰਕਾਰ ਅੜੀਅਲ ਨਾਕਾਰਮਤ ਰਵਈਏ ਨੂੰ ਤਿਆਗ ਕੇ ਪੈਨਸ਼ਨਰਜ ਤੇ ਮੁਲਾਜ਼ਮਾ ਨਾਲ ਵਿਚਾਰ ਕਰਨ ਉਪਰੰਤ ਮਸਲਿਆ ਦੇ ਹੱਲ ਲਈ ਜੂਰਰ ਧਿਆਨ ਦੇਣ ਦੀ ਖੇਚਲ ਕਰਨ ਜਿਵੇਂ ਪੈਨਸ਼ਨਰਜ ਨੂੰ 2.59 ਦਾ ਗੁਣਾਂਕ ਦੇਣ ਲਈ ਨੋਟੀਫਿਕੇਸ਼ਨ ਜਾਰੀ ਕਰਨ ਅਤੇ ਕੈਸ਼ਲਿਸ ਸਕੀਮ ਮੁੜ ਬਹਾਲ ਕਰਨ ਦੀ ਖੇਚਲ ਕਰਨ, ਨਹੀਂ ਤਾਂ ਆਪੋਜੀਸ਼ਨ ਵਿੱਚ ਬੈਠਣ ਲਈ ਤਿਆਰ ਰਹਿਣ, ਪ੍ਰਧਾਨ ਦਵਿੰਦਰ ਸਿੰਘ ਵੱਲੋਂ ਕਰਮਚਾਰੀ ਲਹਿਰ ਲਈ ਸਹਾਇਤਾ ਫੰਡ ਦੇਣ ਅਤੇ ਮੀਟਿੰਗ ਵਿੱਚ ਸ਼ਾਮਲ ਹੋਣ ਲਈ ਆਏ ਸਾਥੀਆ ਦਾ ਧੰਨਵਾਦ ਕੀਤਾ ਅਤੇ ਅਪੀਲ ਕਰਦਿਆ 20 ਮਈ ਦੀ ਹੜਤਾਲ ਵਿੱਚ ਪੈਨਸ਼ਨਰਜ ਨੂੰ ਵੱਧ ਤੋਂ ਵੱਧ ਸ਼ਾਮਲ ਹੋਣ ਲਈ ਆਖਿਆ ਗਿਆ।

# ਦੋ ਮੈਂਬਰੀ ਕਮੇਟੀ ਵਲੋਂ ਬਲੱਡ ਬੈਂਕ ਫਗਵਾੜਾ ਦਾ ਦੌਰਾ



ਫਗਵਾੜਾ-ਕਪੂਰਥਲਾ 5 ਮਈ (ਸੁਸ਼ੀਲ ਸ਼ਰਮਾ) ਸਬ ਡਵੀਜ਼ਨਲ ਹਸਪਤਾਲ ਫਗਵਾੜਾ ਦੇ ਬਲੱਡ ਬੈਂਕ ਦੀਆਂ ਸੇਵਾਵਾਂ ਨੂੰ ਜਲਦੀ ਅਤੇ ਸੁਚਾਰੂ ਢੰਗ ਨਾਲ ਸ਼ੁਰੂ ਕਰਨ ਲਈ ਸਿਵਲ ਸਰਜਨ ਕਪੂਰਥਲਾ ਡਾਕਟਰ ਰਾਜੀਵ ਪਰਾਸ਼ਰ ਵੱਲੋਂ ਦੀ ਮੈਂਬਰੀ ਟੀਮ ਦਾ ਗਠਨ ਕੀਤਾ ਗਿਆ ਹੈ। ਇਸ ਸੰਬਧੀ ਜਾਣਕਾਰੀ ਦਿੰਦੀਆਂ ਸਿਵਲ ਸਰਜਨ ਡਾ.ਰਾਜੀਵ ਪ੍ਰਾਸ਼ਰ ਨੇ ਦਸਿਆ ਕਿ ਉਕਤ ਦੋ ਮੈਂਬਰੀ ਟੀਮ ਵੱਲੋਂ ਬਲੱਡ ਬੈਂਕ ਦੀ ਵਿਜ਼ਿਟ ਕਰ ਕੇ ਰਿਪੋਰਟ ਦਿੱਤੀ ਜਾ ਰਹੀ ਹੈ। ਜ਼ਿਕਰਯੋਗ ਹੈ ਕਿ ਇਸ ਸੰਬਧੀ ਅੱਜ ਜਿਲਾ ਡੈਂਟਲ ਹੈਲਥ ਅਫ਼ਸਰ ਡਾ.ਕਪਿਲ ਡੋਗਰਾ ਅਤੇ ਸੀਨੀਅਰ ਮੈਡੀਕਲ ਅਫ਼ਸਰ ਡਾ.ਪ੍ਰੇਮ ਕੁਮਾਰ ਵੱਲੋਂ ਬਲੱਡ ਬੈਂਕ ਦਾ ਦੌਰਾ ਕੀਤਾ ਗਿਆ। ਇਸ ਮੌਕੇ ਉਨ੍ਹਾਂ ਨਾਲ ਸੀਨੀਅਰ ਮੈਡੀਕਲ ਅਫ਼ਸਰ ਫਗਵਾੜਾ ਡਾ.ਪਰਮਿੰਦਰ ਕੌਰ ਵੀ ਨਾਲ ਸਨ। ਡਾ.ਰਾਜੀਵ ਪ੍ਰਾਸ਼ਰ ਨੇ ਦਸਿਆ ਕਿ ਸਿਹਤ ਵਿਭਾਗ ਕਪੂਰਥਲਾ ਲੋਕਾਂ ਨੂੰ ਵਧੀਆ ਸਿਹਤ ਸਹੂਲਤਾਂ ਦੇਣ ਲਈ ਵਚਨਬੱਧ ਹੈ। ਉਹਨਾਂ ਕਿਹਾ ਕਿ ਬਲੱਡ ਬੈਂਕ ਫਗਵਾੜਾ ਵਿਖੇ ਪੇਸ਼ ਆ ਰਹੀਆਂ ਦਿੱਕਤਾਂ ਨੂੰ ਜਲਦ ਤੋਂ ਜਲਦ ਦੂਰ ਕੀਤਾ ਜਾਏਗਾ ਅਤੇ ਮਰੀਜ਼ਾਂ ਡੀ ਸਹੂਲਤ ਲਈ ਜਲਦ ਤੋਂ ਜਲਦ ਇਹ ਸੇਵਾਵਾਂ ਸ਼ੁਰੂ ਕੀਤੀਆਂ ਜਾਣਗੀਆਂ।

# ਭਾਰਤ ਸਰਕਾਰ ਤੋਂ ਪੰਜਾਬ ਹਿੰਦ ਫੋਰਸ ਦੀ ਜ਼ੋਰਦਾਰ ਮੰਗ



ਫਗਵਾੜਾ (ਸੁਸ਼ੀਲ ਸ਼ਰਮਾ) ਪੰਜਾਬ ਹਿੰਦ ਫੋਰਸ ਨੇ ਕੇਂਦਰ ਸਰਕਾਰ ਤੋਂ ਮੰਗ ਕੀਤੀ ਹੈ ਕਿ ਅਮਰੀਕਾ ਵਿੱਚ ਬੈਠ ਕੇ ਭਾਰਤ ਵਿਰੁੱਧ ਜ਼ਹਿਰ ਉਗਲਣ ਵਾਲੇ ਖਾਲਿਸਤਾਨੀ ਗੁਰਪਤਵੰਤ ਪੰਨੂ ਦੀ ਜ਼ਹਿਰੀਲੀ ਜੀਭ ਦਾ ਵੀ ਇਲਾਜ ਕੀਤਾ ਜਾਵੇ। ਫੋਰਸ ਦੇ ਰਾਸ਼ਟਰੀ ਮੁਖੀ ਬਿੰਨੀ ਕੌੜਾ, ਫਗਵਾੜਾ ਮੁਖੀ ਦੀਪਕ ਦਾਰੀ ਅਤੇ ਜ਼ਿਲ੍ਹਾ ਮੁਖੀ ਮੰਗਲ ਸਿੰਘ ਨੇ ਕਿਹਾ ਕਿ ਜਿੱਥੇ ਭਾਰਤ ਸਰਕਾਰ ਜੰਮੂ-ਕਸ਼ਮੀਰ ਦੇ ਪਹਿਲਗਾਮ ਵਿੱਚ ਹੋਏ ਅੱਤਵਾਦੀ ਹਮਲੇ ਵਿੱਚ ਸ਼ਹੀਦ ਹੋਏ 26 ਨਿਰਦੋਸ਼ ਲੋਕਾਂ ਦੇ ਕਤਲ ਦੀ ਘਟਨਾ ਨੂੰ ਅੰਜਾਮ ਦੇਣ ਅਤੇ ਇਸ ਸਾਜ਼ਿਸ਼ ਵਿੱਚ ਸ਼ਾਮਲ ਸਾਰੇ ਜ਼ਾਲਮਾਂ ਨੂੰ ਸਜ਼ਾ ਦੇਣ ਦੀ ਤਿਆਰੀ ਕਰ ਰਹੀ ਹੈ, ਉੱਥੇ ਹੀ ਦੂਜੇ ਪਾਸੇ ਅਮਰੀਕਾ ਵਿੱਚ ਬੈਠਾ ਖਾਲਿਸਤਾਨੀ ਗੁਰਪਤਵੰਤ ਪੰਨੂ ਭਾਰਤੀ ਫੌਜ ਅਤੇ ਪੰਜਾਬ ਦੇ ਸਿੱਖ ਭਾਈਚਾਰੇ ਨੂੰ ਬਗਾਵਤ ਲਈ ਭੜਕਾ ਕੇ ਅੱਤਵਾਦ ਦਾ ਖੁੱਲ੍ਹ ਕੇ ਸਮਰਥਨ ਕਰ ਰਿਹਾ ਹੈ। ਭਾਰਤ ਸਰਕਾਰ ਨੂੰ ਇਹ ਮੁੱਦਾ ਅਮਰੀਕਾ ਕੋਲ ਉਠਾਉਣਾ ਚਾਹੀਦਾ ਹੈ ਅਤੇ ਤਹੱਵੁਰ ਰਾਣਾ ਵਾਂਗ ਪੰਨੂ ਦੀ ਹਵਾਲਗੀ ਦੀ ਪ੍ਰਕਿਰਿਆ ਸ਼ੁਰੂ ਕਰਨੀ ਚਾਹੀਦੀ ਹੈ। ਉਨ੍ਹਾਂ ਕਿਹਾ ਕਿ ਦੁਨੀਆ ਦੇ ਕਿਸੇ ਵੀ ਕੋਨੇ ਵਿੱਚ ਬੈਠਾ ਵਿਅਕਤੀ ਭਾਰਤ ਵਿਰੁੱਧ ਸਾਜ਼ਿਸ਼ ਕਿਵੇਂ ਰਚ ਸਕਦਾ ਹੈ ? ਇਹ ਬਹੁਤ ਗੰਭੀਰ ਮਾਮਲਾ ਹੈ ਅਤੇ ਇੱਕ ਅੰਤਰਰਾਸ਼ਟਰੀ ਅਪਰਾਧ ਹੈ। ਪੰਜਾਬ ਹਿੰਦ ਫੋਰਸ ਦੇ ਆਗੂਆਂ ਨੇ ਵੀਡੀਓ ਵਿੱਚ ਪੰਨੂ ਵੱਲੋਂ ਦਿੱਤੇ ਗਏ ਇੱਕ ਹੋਰ ਬਿਆਨ ਦਾ ਜਵਾਬ ਦਿੰਦੇ ਹੋਏ ਕਿਹਾ ਕਿ ਹਰ ਪੰਜਾਬੀ ਹੱਥਾਂ ਵਿੱਚ ਤਿਰੰਗਾ ਲਹਿਰਾਉਂਦੇ ਹੋਏ ਭਾਰਤੀ ਫੌਜ ਦਾ ਮਾਣ ਨਾਲ ਸਵਾਗਤ ਕਰੇਗਾ, ਪਰ ਜੇਕਰ ਪੰਨੂ ਵਿੱਚ ਹਿੰਮਤ ਹੈ, ਤਾਂ ਉਸਨੂੰ ਖੁਦ ਪੰਜਾਬ ਦੀ ਮਿੱਟੀ ਵਿੱਚੋਂ ਲੰਘਣਾ ਚਾਹੀਦਾ ਹੈ। ਪੰਨੂ ਦੇ ਇੱਕ ਹੋਰ ਬਿਆਨ ਦਾ ਜਵਾਬ ਦਿੰਦੇ ਹੋਏ ਬਿੰਨੀ ਕੌੜਾ ਨੇ ਕਿਹਾ ਕਿ ਪੰਨੂ ਨੂੰ ਸ਼ਾਇਦ ਇਹ ਨਹੀਂ ਪਤਾ ਕਿ ਬਾਬਾ ਨਾਨਕ ਦਾ ਜਨਮ ਭਾਰਤ ਦੀ ਧਰਤੀ ਤੇ ਹੋਇਆ ਸੀ ਕਿਉਂਕਿ ਪਾਕਿਸਤਾਨ 1947 ਵਿੱਚ ਬਣਿਆ ਸੀ। ਪਰ ਫਿਰ ਕਿਸੇ ਕਾਰਨ ਕਰਕੇ ਉਹ ਹਿੱਸਾ ਵੰਡਿਆ ਗਿਆ। ਪਰ ਹੁਣ ਸਮਾਂ ਆ ਗਿਆ ਹੈ ਕਿ ਸਿੰਧ ਅਤੇ ਬਲੋਚਿਸਤਾਨ ਨੂੰ ਇੱਕ ਵੱਖਰਾ ਦੇਸ਼ ਬਣਾਇਆ ਜਾਵੇ ਅਤੇ ਪੀ.ਓ.ਕੇ. ਇਸ ਦੇ ਨਾਲ ਹੀ, ਬਾਬੇ ਨਾਨਕ ਦਾ ਜਨਮ ਸਥਾਨ ਵੀ ਪਾਕਿਸਤਾਨੀ ਪੰਜਾਬ ਤੋਂ ਵਾਪਸ ਲਿਆ ਜਾਵੇਗਾ। ਇਸ ਦੌਰਾਨ ਫੋਰਸ ਨੇ ਭਾਰਤ ਵੱਲੋਂ ਪਾਕਿਸਤਾਨ ਨੂੰ ਚਨਾਬ ਨਦੀ ਦਾ ਪਾਣੀ ਰੋਕਣ ਦੇ ਫੈਸਲੇ ਦਾ ਵੀ ਸਵਾਗਤ ਕੀਤਾ ਅਤੇ ਕਿਹਾ ਕਿ ਅੱਜ ਭਾਰਤ ਨੇ ਪਾਣੀ ਰੋਕ ਕੇ ਇਹ ਦਿਖਾ ਦਿੱਤਾ ਹੈ, ਹੁਣ ਜੇਕਰ ਪਾਕਿਸਤਾਨ ਵਿੱਚ ਹਿੰਮਤ ਹੈ ਤਾਂ ਉਸਨੂੰ ਜਵਾਬ ਦੇਣ ਦੀ ਕੋਸ਼ਿਸ਼ ਕਰਨੀ ਚਾਹੀਦੀ ਹੈ। ਇਸ ਮੌਕੇ ਪ੍ਰਿੰਸ ਰਾਜੂ ਛਾਬੜਾ,ਰਾਜਨ ਰਾਏ ਮੁਖੀ ਮਜ਼ਦੂਰ ਸੈੱਲ,ਰਾਜਾ ਨੂਰੀ ਅਤੇ ਕੁਨਾਲ ਗਾਬਾ ਆਦਿ ਹਾਜ਼ਰ ਸਨ।

# ਸਿਵਲ ਸਰਜਨ ਵੱਲੋਂ ਜ਼ਿਲ੍ਹਾ ਹਸਪਤਾਲ ਦਾ ਦੌਰਾ



ਫਗਵਾੜਾ-ਕਪੂਰਥਲਾ (ਸੁਸ਼ੀਲ ਸ਼ਰਮਾ) ਸਿਵਲ ਸਰਜਨ ਕਪੂਰਥਲਾ ਡਾ.ਰਾਜੀਵ ਪ੍ਰਾਸ਼ਰ ਵੱਲੋਂ ਅੱਜ ਸਵੇਰੇ ਸਿਵਲ ਹਸਪਤਾਲ ਅਤੇ ਸਿਵਲ ਸਰਜਨ ਦਫ਼ਤਰ ਦੀ ਚੈਕਿੰਗ ਕੀਤੀ ਗਈ। ਇਸ ਮੌਕੇ ਉਹਨਾਂ ਵੱਲੋਂ ਸਿਵਲ ਹਸਪਤਾਲ ਦੇ ਐਮਰਜੈਂਸੀ ਵਾਰਡ, ਜੱਚਾ ਬੱਚਾ ਵਾਰਡ,ਓ.ਪੀ.ਡੀ. ਆਦਿ ਦਾ ਦੌਰਾ ਕੀਤਾ ਗਿਆ ਤੇ ਹਾਜ਼ਰੀ ਰਜਿਸਟਰ ਵੀ ਚੈਕ ਕੀਤੇ ਗਏ। ਸਿਵਲ ਸਰਜਨ ਡਾ.ਰਾਜੀਵ ਪ੍ਰਾਸ਼ਰ ਨੇ ਇਸ ਮੌਕੇ ਸਟਾਫ਼ ਨੂੰ ਸਮੇਂ ਦੇ ਪਾਬੰਦ ਰਹਿਣ ਨੂੰ ਕਿਹਾ। ਉਹਨਾਂ ਇਹ ਵੀ ਕਿਹਾ ਕਿ ਇਲਾਜ ਕਰਵਾਉਣ ਆਏ ਮਰੀਜ਼ਾਂ ਨੂੰ ਕਿੱਸੇ ਵੀ ਤਰ੍ਹਾਂ ਦੀ ਕੋਈ ਦਿੱਕਤ ਨਾ ਆਉਣ ਦਿੱਤੀ ਜਾਏ। ਉਹਨਾਂ ਵੱਲੋਂ ਵਾਰਡ ਵਿਚ ਜਾ ਕੇ ਮਰੀਜ਼ਾਂ ਦਾ ਹਾਲ ਵੀ ਜਾਣਿਆ ਗਿਆ। ਡਾ.ਰਾਜੀਵ ਪ੍ਰਾਸ਼ਰ ਨੇ ਸਰਕਾਰ ਵੱਲੋਂ ਚਲਾਈ ਜਾ ਰਹੀ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਦੀ ਵੀ ਜਾਣਕਾਰੀ ਦਿੱਤੀ ਤੇ ਸਟਾਫ਼ ਨੂੰ ਇਸ ਮੁਹਿੰਮ ਨੂੰ ਸਫਲ ਕਰਨ ਲਈ ਵੱਧ ਤੋਂ ਵੱਧ ਜਾਗਰੂਕਤਾ ਕਰਨ ਲਈ ਵੀ ਪ੍ਰੇਰਿਆ। ਇਸ ਮੌਕੇ ਸੁਪ੍ਰਿੰਟੈਂਡੈਂਟ ਰਾਮ ਅਵਤਾਰ, ਡਿਪਟੀ ਮਾਸ ਮੀਡੀਆ ਅਫ਼ਸਰ ਸ਼ਰਨਦੀਪ ਸਿੰਘ,ਡਿਪਟੀ ਮਾਸ ਮੀਡੀਆ ਅਫ਼ਸਰ ਸੁਖਦਿਆਲ ਸਿੰਘ, ਸਟੇਨੋ ਅਮਰੀਕ ਸਿੰਘ ਆਦਿ ਵੀ ਹਾਜ਼ਰ ਸਨ।

ਅਦਾਰਾ ਰੋਜ਼ਾਨਾ ਲੋਕ ਬਾਣੀ ਅਖਬਾਰ ਵਿੱਚ ਛਾਪੀਆਂ ਜਾਂਦੀਆ ਖਬਰਾਂ , ਰਿਪੋਰਟਾਂ , ਲੇਕ, ਕਹਾਣੀਆਂ, ਕਵਿਤਾਵਾ ਅਤੇ ਹਰ ਕਿਸਮ ਦੇ ਇਸ਼ਤਿਹਾਰ ਵਿੱਚ ਦਿੱਤੀ ਗਈ । ਸੂਚਨਾਂ, ਵਿਚਾਰ ਆਦਿ ਨਾਲ ਅਖਬਾਰ ਦੇ ਪ੍ਰਬੰਧਕਾਂ ਦਾ ਸਹਿਮਤ ਜ਼ਰੂਰੀ ਨਹੀਂ ਹੈ । ਇਸ ਅਖਬਾਰ ਵਿੱਚ ਛੱਪੇ ਇਸ਼ਤਿਹਾਰ ( ਡਿਸਪਲੇ, ਕਲਾਸੀਫਾਈਡ) ਦੇ ਤੱਥਾਂ ਲਈ ਪ੍ਰਬੰਧਕ ਕੋਈ ਜੰਮੇਵਾਰੀ ਨਹੀ ਲੈਦੇ ਕਿਉਂਕਿ ਅਖਬਾਰ ਇੰਨਾ ਨੂੰ ਤਸਦੀਕ ਨਹੀਂ ਕਰਦਾ ਪਾਠਕਾਂ/ਸ਼ੁਭ ਚਿੰਤਕਾ ਨੂੰ ਬੇਨਤੀ ਹੈ । ਕਿ ਉਹ ਇੰਨਾ ਇਸ਼ਤਿਹਾਰਾਂ ਤੇ ਕੋਈ ਕਾਰਵਾਈ ਕਰਨ ਤੋਂ ਪਹਿਲਾਂ ਇੰਨਾਂ ਤੱਥਾਂ ਦੀ ਪੜਤਾਲ , ਪੁਸ਼ਟੀਕਰ ਲੈਣ।ਰੋਜ਼ਾਨਾਲੋਕ ਬਾਣੀ ਚ ਪ੍ਰਕਾਸ਼ਿਤ ਸੱਮਗਰੀ ਅਤੇ ਹੋਰ ਵਾਦ-ਵਿਵਾਦ ਸਬੰਧੀ ਕੇਸਾ ਦਾ ਨਿਪਟਾਰਾ ਸਿਰਫ ਜਲੰਧਰ ਕੋਰਟ ਵਿੱਚ ਹੀ ਹੋਵੇਗਾ, ਲੇਖਕਾਂ ਦੀ ਰਾਏ ਨਾਲ ਸੰਪਾਦਕ ਦਾ ਸਹਿਮਤ ਹੋਣਾ ਜ਼ਰੂਰੀ ਨਹੀ । ਖਬਰਾਂ ਪ੍ਰਤੀ ਜ਼ਿੰਮੇਵਾਰੀ ਪੱਤਰਕਾਰ ਦੀ ਹੋਵੇਗੀ ।

Daily Lok Bani(Punjabi) R.N.I. Punpun/29016/2008 Editor, owner, Printer , Publisher, Amandeep Mehra , Printed at Rachna Printers , Railway Road Jalandhar Place of Publication :308 Sangam Complex milap Chowk , Jalandhar (India), Contact No.: 0181-2211009, Fax : 2211009, Email id : lokbani08@gmail.com, Editormehra@gmail.com

# ਸਿੱਖ ਰਾਜ ਦੀ ਸਥਾਪਨਾ ਵਿੱਚ ਜੱਸਾ ਸਿੰਘ ਰਾਮਗੜ੍ਹੀਆ ਦਾ ਅਹਿਮ ਯੋਗਦਾਨ-ਪ੍ਰਦੀਪ ਧੀਮਾਨ



ਫਗਵਾੜਾ (ਸੁਸ਼ੀਲ ਸ਼ਰਮਾ) 18ਵੀਂ ਸਦੀ ਦੇ ਮਹਾਨ ਫੌਜੀ ਨਾਇਕ ਮਹਾਰਾਜਾ ਜੱਸਾ ਸਿੰਘ ਰਾਮਗੜ੍ਹੀਆ ਦਾ 302ਵਾਂ ਜਨਮ ਦਿਵਸ ਸ਼੍ਰੋਮਣੀ ਸ਼੍ਰੀ ਵਿਸ਼ਵਕਰਮਾ ਮੰਦਰ,ਬੰਗਾ ਰੋਡ,ਫਗਵਾੜਾ ਵਿਖੇ ਬਹੁਤ ਉਤਸ਼ਾਹ ਨਾਲ ਮਨਾਇਆ ਗਿਆ। ਸਵੇਰੇ,ਸ਼੍ਰੀ ਵਿਸ਼ਵਕਰਮਾ ਧੀਮਾਨ ਸਭਾ ਦੇ ਮੁਖੀ ਪ੍ਰਦੀਪ ਧੀਮਾਨ ਅਤੇ ਸਾਰੇ ਮੈਂਬਰਾਂ ਨੇ ਨਿਰਧਾਰਤ ਮੰਤਰਾਂ ਦੇ ਜਾਪ ਨਾਲ ਭੇਟਾਂ ਚੜ੍ਹਾ ਕੇ ਹਵਨ ਯੱਗ ਕੀਤਾ। ਇਸ ਤੋਂ ਬਾਅਦ, ਪ੍ਰਧਾਨ ਪ੍ਰਦੀਪ ਧੀਮਾਨ ਨੇ ਮਹਾਰਾਜਾ ਜੱਸਾ ਸਿੰਘ ਰਾਮਗੜ੍ਹੀਆ ਦੇ ਜਨਮ ਦਿਵਸ ਤੇ ਮੌਜੂਦ ਮੈਂਬਰਾਂ ਅਤੇ ਸੰਗਤਾਂ ਨੂੰ ਸ਼ੁਭਕਾਮਨਾਵਾਂ ਦਿੱਤੀਆਂ। ਉਨ੍ਹਾਂ ਕਿਹਾ ਕਿ 18ਵੀਂ ਸਦੀ ਵਿੱਚ ਵਿਸ਼ਾਲ ਪੰਜਾਬ ਰਾਜ ਵਿੱਚ ਸਿੱਖ ਰਾਜ ਦੀ ਸਥਾਪਨਾ ਵਿੱਚ ਤਤਕਾਲੀ ਜਨਰਲ ਜੱਸਾ ਸਿੰਘ ਰਾਮਗੜ੍ਹੀਆ ਦਾ ਮਹੱਤਵਪੂਰਨ ਯੋਗਦਾਨ ਸੀ। ਇਹ ਸਮੂਹ ਰਾਮਗੜ੍ਹੀਆ ਸਮਾਜ ਲਈ ਮਾਣ ਵਾਲੀ ਗੱਲ ਹੈ। ਇਸ ਸਮੇਂ ਦੌਰਾਨ ਗੁਰਮੀਤ ਸਿੰਘ ਭੋਗਲ ਯੂ.ਐਸ.ਏ.ਉਨ੍ਹਾਂ ਮਹਾਰਾਜਾ ਜੱਸਾ ਸਿੰਘ ਰਾਮਗੜ੍ਹੀਆ ਦੇ ਜੀਵਨ ਤੇ ਚਾਨਣਾ ਪਾਇਆ ਅਤੇ ਉਨ੍ਹਾਂ ਦੇ ਨਕਸ਼ੇ-ਕਦਮਾਂ ਤੇ ਚੱਲਣ ਅਤੇ ਦੇਸ਼ ਅਤੇ ਸਮਾਜ ਦੀ ਇਕਜੁੱਟਤਾ ਨਾਲ ਸੇਵਾ ਕਰਨ ਦੀ ਅਪੀਲ ਕੀਤੀ। ਕਵੀਸ਼ਰੀ ਗਰੁੱਪ ਨੇ ਮਹਾਰਾਜਾ ਜੱਸਾ ਸਿੰਘ ਰਾਮਗੜ੍ਹੀਆ ਦੇ ਸੰਘਰਸ਼ ਭਰੇ ਜੀਵਨ ਦੀ ਖੂਬਸੂਰਤੀ ਨਾਲ ਪ੍ਰਸ਼ੰਸਾ ਕੀਤੀ। ਲੰਗਰ ਸੇਵਾ ਬਿਨਾਂ ਕਿਸੇ ਰੁਕਾਵਟ ਦੇ ਜਾਰੀ ਰਹੀ। ਇਸ ਮੌਕੇ ਸਭਾ ਦੇ ਸਰਪ੍ਰਸਤ ਰਮੇਸ਼ ਧੀਮਾਨ,ਜਸਪਾਲ ਸਿੰਘ ਲਾਲ,ਸੁਰਿੰਦਰ ਪਾਲ ਧੀਮਾਨ,ਗੁਰਨਾਮ ਸਿੰਘ ਜੁਤਲਾ,ਭੁਪਿੰਦਰ ਸਿੰਘ ਜੰਡੋ,ਅਮੋਲਕ ਸਿੰਘ ਝੀਤਾ,ਰਜਿੰਦਰ ਸਿੰਘ ਰੂਪਰਾਏ,ਅਸ਼ੋਕ ਧੀਮਾਨ, ਨਰਿੰਦਰ ਸਿੰਘ ਤੱਤੜ,ਨਰਿੰਦਰ ਸਿੰਘ ਭੱਚੂ,ਰਵਿੰਦਰ ਸਿੰਘ ਪਨੇਸਰ,ਤੀਰਥ ਸਿੰਘ ਸਹਿਜਪੁਰ, ਅਮਰਜੀਤ ਸਿੰਘ ਮਨਾਵਾਂ, ਸੁਖਪਾਲ ਸਿੰਘ ਘੱਗਰਾ,ਡਾ.ਸੀਹਰਾ, ਦੀਪਕ ਧੀਮਾਨ,ਬਲਵਿੰਦਰ ਸਿੰਘ ਰਤਨ ਅਤੇ ਹੋਰ ਪਤਵੰਤੇ ਹਾਜ਼ਰ ਸਨ।

# ਚਿਤਾਵਣੀ ! ਮੰਗਾਂ ਨਾ ਮੰਨੀਆਂ ਤਾਂ ਪੈਨਸ਼ਨਰ ਹੜਤਾਲ ਤੇ ਜਾਣ ਲਈ ਹੋਣਗੇ ਮਜਬੂਰ



ਫਗਵਾੜਾ-ਅੰਮ੍ਰਿਤਸਰ (ਸੁਸ਼ੀਲ ਸ਼ਰਮਾ) ਨਗਰ ਨਿਗਮ ਪੈਨਸ਼ਨਰਜ ਯੂਨੀਅਨ ਅੰਮ੍ਰਿਤਸਰ ਦੀ ਹੰਗਾਮੀ ਮੀਟਿੰਗ ਰਣਜੀਤ ਐਵੀਨਿਊ ਦਫਤਰ ਵਿਖੇ ਪ੍ਰਧਾਨ ਕਰਮਜੀਤ ਸਿੰਘ ਕੇ.ਪੀ.ਦੀ ਪ੍ਰਧਾਨਗੀ ਹੇਠ ਹੋਈ। ਕਰਮਜੀਤ ਸਿੰਘ ਕੇ.ਪੀ.,ਬਲਜੀਤ ਸਿੰਘ ਬਾਜਵਾ ਤੇ ਪਰਵਿੰਦਰ ਸਿੰਘ ਨੇ ਮੀਟਿੰਗ ਨੂੰ ਸੰਬੋਧਨ ਕਰਦਿਆ ਕਿਹਾ ਪੰਜਾਬ ਲੋਕਲ ਬਾਡੀ ਵਿਭਾਗ ਨੇ 7 ਅਪ੍ਰੈਲ 2025 ਨੂੰ ਪੱਤਰ ਜਾਰੀ ਕਰਕੇ ਪੈਨਸ਼ਨਰਜ ਨੂੰ 6 ਵੇਂ ਪੇ ਕਮਿਸ਼ਨ ਦਾ ਬਕਾਇਆ ਜਾਰੀ ਕਰਨ ਦੇ ਆਦੇਸ਼ ਦਿੱਤੇ ਗਏ। ਪਰ ਨਗਰ ਨਿਗਮ ਅੰਮ੍ਰਿਤਸਰ ਪੈਨਸ਼ਨ ਵਿਭਾਗ ਵੱਲੋਂ ਬਿੱਲ ਹੀ ਤਿਆਰ ਨਹੀਂ ਕੀਤੇ ਗਏ। ਇਸ ਦਾ ਪੈਨਸ਼ਨਰਜ ਵਿੱਚ ਬਹੁਤ ਰੋਸ ਪਾਇਆ ਜਾ ਰਿਹਾ ਹੈ। ਪੈਨਸ਼ਨ ਵਿਭਾਗ ਨਾਲ ਸੰਪਰਕ ਕਰਨ ਤੇ ਕਹਿ ਰਹੇ ਨੇ ਸਾਡੇ ਕੋਲ ਕਲਰਕਾਂ ਦੀ ਘਾਟ ਹੈ। ਅਡੀਸ਼ਨਲ ਕਮਿਸ਼ਨਰ ਸੁਰਿੰਦਰ ਸਿੰਘ ਨੂੰ ਮਿਲਕੇ ਯੂਨਿਅਨ ਨੇ ਮੰਗ ਪੱਤਰ ਸੌਂਪਿਆ। ਮੰਗ ਪੱਤਰ ਰਾਹੀਂ ਕਿਹਾ ਕਿ ਅਗਰ ਮਈ ਮਹੀਨੇ ਦੀ ਪੈਨਸ਼ਨ ਨਾਲ ਬਕਾਇਆ ਨਾ ਦਿੱਤਾ ਗਿਆ ਤਾਂ ਪੈਨਸ਼ਨਰ ਧਰਨਾ ਮੁਜ਼ਾਹਰਾ ਕਰਨ ਲਈ ਮਜਬੂਰ ਹੋਣਗੇ। ਇਸ ਮੀਟਿੰਗ ਵਿੱਚ ਸਤਵੰਤ ਸਿੰਘ,ਮਨਜੀਤ ਸਿੰਘ ਬੁਤਾਲਾ,ਦਵਿੰਦਰ ਸਿੰਘ ਪੰਡੋਰੀ, ਤਰਸੇਮ ਸਿੰਘ,ਰਣਜੀਤ ਸਿੰਘ,ਅਮਰਪਾਲ ਸਿੰਘ,ਬਲਕਾਰ ਸਿੰਘ, ਹਰਜਿੰਦਰ ਸਿੰਘ,ਸੁਖਦੇਵ ਸਿੰਘ ਅਜਨਾਲਾ,ਜਸਪਾਲ ਸਿੰਘ ਸੋਹਲ,ਮੁੱਲਖ ਰਾਜ ਸਫਰੀ,ਕੁਲਵੰਤ ਸਿੰਘ ਅਸ਼ੋਕ ਸ਼ਰਮਾ ਆਦਿ ਹਾਜਿਰ ਸਨ।

# ਸੀਪੀ ਅਖਿਲ ਕੁਮਾਰ ਦਾ ਅਪਰਾਧੀਆਂ ਤੇ ਦਬਦਬਾ, ਲੱਖਾਂ ਦੀ ਈ-ਸਿਗਰੇਟ ਨਾਲ ਤਸਕਰ ਗ੍ਰਿਫ਼ਤਾਰ



ਕਾਨਪੁਰ। (ਸੁਨੀਲ ਬਾਜਪਾਈ) ਇੱਥੇ ਕਮਿਸ਼ਨਰੇਟ ਪੁਲਿਸ ਦੀ ਸਰਗਰਮੀ ਹਰ ਤਰ੍ਹਾਂ ਦੇ ਅਪਰਾਧਾਂ ਤੇ ਆਪਣੀ ਪਕੜ ਮਜ਼ਬੂਤ ਕਰਨ ਅਤੇ ਦੋਸ਼ੀਆਂ ਨੂੰ ਗ੍ਰਿਫ਼ਤਾਰ ਕਰਕੇ ਜੇਲ੍ਹ ਭੇਜਣ ਵਿੱਚ ਲਗਾਤਾਰ ਸਫਲ ਹੋ ਰਹੀ ਹੈ। ਪੁਲਿਸ ਕਮਿਸ਼ਨਰ ਅਖਿਲ ਕੁਮਾਰ ਦੀ ਇਮਾਨਦਾਰ ਲੀਡਰਸ਼ਿਪ ਕੁਸ਼ਲਤਾ ਦੇ ਨਤੀਜੇ ਵਜੋਂ, ਕਮਿਸ਼ਨਰੇਟ ਪੁਲਿਸ ਦੀ ਇਹ ਮੁਹਿੰਮ ਨਸ਼ਾ ਤਸਕਰਾਂ ਵਿਰੁੱਧ ਵੀ ਜਾਰੀ ਹੈ। ਇਸ ਕ੍ਰਮ ਵਿੱਚ, ਦੱਖਣੀ ਪੁਲਿਸ ਦੇ ਨਾਰਕੋਟਿਕਸ ਸੈੱਲ ਨੇ ਸਹੀ ਜਾਣਕਾਰੀ ਦੇ ਆਧਾਰ ਤੇ, ਇੱਕ ਤਸਕਰ ਨੂੰ ਲੱਖਾਂ ਰੁਪਏ ਦੇ 350 ਈ-ਸਿਗਰਟਾਂ ਸਮੇਤ ਗ੍ਰਿਫ਼ਤਾਰ ਕੀਤਾ।

ਜਾਣਕਾਰੀ ਅਨੁਸਾਰ ਜੂਹੀ ਥਾਣਾ ਖੇਤਰ ਵਿੱਚ ਫੜਿਆ ਗਿਆ ਦੋਸ਼ੀ ਤੁਸ਼ਾਰ ਵਰਮਾ ਲੰਬੇ ਸਮੇਂ ਤੋਂ ਇਸ ਧੰਦੇ ਵਿੱਚ ਸ਼ਾਮਲ ਸੀ। ਉਸਨੂੰ ਪੁਲਿਸ ਕਮਿਸ਼ਨਰ ਅਖਿਲ ਕੁਮਾਰ ਦੀ ਸਖ਼ਤ ਮਿਹਨਤ ਅਤੇ ਲੀਡਰਸ਼ਿਪ ਹੁਨਰ ਕਾਰਨ ਗ੍ਰਿਫ਼ਤਾਰ ਕੀਤਾ ਗਿਆ ਸੀ, ਜੋ ਇੱਥੇ ਆਪਣੀ ਚੁਣੌਤੀਪੂਰਨ ਨਿਯੁਕਤੀ ਤੋਂ ਬਾਅਦ ਯੋਗੀ ਸਰਕਾਰ ਦੀਆਂ ਇੱਛਾਵਾਂ ਅਨੁਸਾਰ ਕਾਨੂੰਨ ਅਤੇ ਸ਼ਾਂਤੀ ਦੇ ਪੱਖ ਵਿੱਚ ਅਪਰਾਧੀਆਂ ਵਿਰੁੱਧ ਪ੍ਰਭਾਵਸ਼ਾਲੀ ਕਾਰਵਾਈ ਕਰਨ ਵਿੱਚ ਅਗਵਾਈ ਕਰ ਰਹੇ ਹਨ।

ਤੁਹਾਨੂੰ ਇਹ ਵੀ ਦੱਸ ਦੇਈਏ ਕਿ ਏਡੀਜੀ ਅਖਿਲ ਕੁਮਾਰ, ਆਪਣੀ ਨਿਰਪੱਖ ਅਤੇ ਪਾਰਦਰਸ਼ੀ ਕਾਰਜਸ਼ੈਲੀ ਨਾਲ, ਜਨਤਕ ਹਿੱਤ ਦੀ ਵਿਚਾਰਧਾਰਾ ਦੇ ਅਨੁਸਾਰ, ਕਿ ਕਿਸੇ ਵੀ ਨਿਰਦੋਸ਼ ਨੂੰ ਫਸਾਇਆ ਨਹੀਂ ਜਾਣਾ ਚਾਹੀਦਾ ਅਤੇ ਕਿਸੇ ਵੀ ਅਪਰਾਧੀ ਨੂੰ ਬਖਸ਼ਿਆ ਨਹੀਂ ਜਾਣਾ ਚਾਹੀਦਾ, ਕਾਨਪੁਰ ਦੇ ਪਹਿਲੇ ਪੁਲਿਸ ਕਮਿਸ਼ਨਰ ਹਨ ਜਿਨ੍ਹਾਂ ਨੇ ਜਨਤਕ ਹਿੱਤ ਨਾਲ ਸਬੰਧਤ ਹਰ ਮੁੱਦੇ ਤੇ ਹਰ ਤਰ੍ਹਾਂ ਦੇ ਅਪਰਾਧੀਆਂ ਵਿਰੁੱਧ ਸ਼ਲਾਘਾਯੋਗ ਕਾਰਵਾਈ ਕਰਕੇ ਸਾਰੇ ਰਿਕਾਰਡ ਤੋੜ ਦਿੱਤੇ ਹਨ। ਭਾਵੇਂ ਇਹ ਘਟਨਾਵਾਂ ਨੂੰ ਸਹੀ ਢੰਗ ਨਾਲ ਉਜਾਗਰ ਕਰਨ ਅਤੇ ਅਪਰਾਧੀਆਂ ਨੂੰ ਜੇਲ੍ਹ ਭੇਜਣ ਦਾ ਮਾਮਲਾ ਹੋਵੇ ਜਾਂ ਤ੍ਰਿਨੇਤਰ ਅਭਿਆਨ ਅਧੀਨ ਸੈਂਕੜੇ ਕੈਮਰੇ ਲਗਾਉਣ ਦਾ ਮਾਮਲਾ ਜੋ ਉਨ੍ਹਾਂ ਦੀ ਗ੍ਰਿਫ਼ਤਾਰੀ ਵਿੱਚ ਵਿਸ਼ੇਸ਼ ਤੌਰ ਤੇ ਮਦਦਗਾਰ ਰਿਹਾ ਹੋਵੇ, ਟ੍ਰੈਫਿਕ ਪ੍ਰਣਾਲੀ ਨੂੰ ਪਹਿਲਾਂ ਨਾਲੋਂ ਕਿਤੇ ਬਿਹਤਰ ਬਣਾਉਣ ਵਿੱਚ ਪ੍ਰਾਪਤ ਸਫਲਤਾ ਹੋਵੇ ਜਾਂ ਸਾਰੇ ਤਿਉਹਾਰਾਂ ਅਤੇ ਜਸ਼ਨਾਂ ਨੂੰ ਸ਼ਾਂਤੀਪੂਰਵਕ ਮਨਾਉਣ ਦਾ ਮਾਮਲਾ ਹੋਵੇ, ਅਤੇ ਇਸ ਵਿੱਚ ਵੀ, ਪੱਤਰਕਾਰੀ ਦੇ ਖੇਤਰ ਵਿੱਚ ਆਉਣ ਵਾਲੀਆਂ ਪੀੜ੍ਹੀਆਂ ਹਮੇਸ਼ਾ ਯਾਦ ਰੱਖਣਗੀਆਂ ਕਿ ਅਵਨੀਸ਼ ਦੀਕਸ਼ਿਤ ਵਰਗੇ ਇੱਕ ਜ਼ਾਲਮ ਅਪਰਾਧੀ ਮਾਫੀਆ ਗਿਰੋਹ ਦਾ ਪਰਦਾਫਾਸ਼, ਜੋ ਕਿ ਪੱਤਰਕਾਰੀ ਦੀ ਆੜ ਵਿੱਚ ਸਰਗਰਮ ਸੀ, ਵਿਸ਼ਵ ਪੱਤਰਕਾਰੀ ਦੇ ਇਤਿਹਾਸ ਵਿੱਚ ਪਹਿਲੀ ਵਾਰ ਹੋਇਆ ਹੈ। ਇਸਦਾ ਸਾਰਾ ਸਿਹਰਾ ਮਿਹਨਤੀ ਅਤੇ ਜੁਝਾਰੂ ਪੁਲਿਸ ਕਮਿਸ਼ਨਰ ਅਖਿਲ ਕੁਮਾਰ ਦੀ ਡਿਊਟੀ ਪ੍ਰਤੀ ਸਮਰਪਣ, ਉਨ੍ਹਾਂ ਦੀ ਇਮਾਨਦਾਰੀ ਅਤੇ ਉਨ੍ਹਾਂ ਦੀ ਨਿਡਰਤਾ ਨੂੰ ਜਾਂਦਾ ਹੈ।

# ਸ਼ਾਨਦਾਰ ਹੋ ਨਿੱਬੜਿਆ ਮਾਨਸਰੋਵਰ ਸਾਹਿਤ ਅਕਾਦਮੀ ਵੱਲੋਂ ਕਰਵਾਇਆ ਪੰਜਾਬੀ ਕਵੀ ਦਰਬਾਰ-ਸੂਦ ਵਿਰਕ



ਫ਼ਗਵਾੜਾ (ਸੁਸ਼ੀਲ ਸ਼ਰਮਾ) ਪੰਜਾਬੀ ਭਾਸ਼ਾ ਇਕਾਈ ਮਾਨਸਰੋਵਰ ਸਾਹਿਤ ਅਕਾਦਮੀ ਰਾਜਸਥਾਨ ਵੱਲੋਂ ਮਿਤੀ 4 ਮਈ 2025 ਦਿਨ ਐਤਵਾਰ ਨੂੰ ਲਾਈਵ ਪੰਜਾਬੀ ਕਵੀ ਦਰਬਾਰ ਕਰਵਾਇਆ ਗਿਆ। ਜਿਸ ਵਿੱਚ ਕਵੀ ਬੂਟਾ ਗੁਲਾਮੀ ਵਾਲਾ, ਡਾ.ਜਗਦੀਪ ਕੌਰ ਆਹੂਜਾ,ਗੁਰਦੀਪ ਸਿੰਘ ਲੋਟੇ,ਯਸ਼ਵੀਰ ਸਿੰਘ,ਰਾਜੀਵ ਸੇਠ ਦਿੱਲੀ ਸ਼ਾਮਿਲ ਹੋਏ। ਪ੍ਰੋਗਰਾਮ ਦਾ ਆਗਾਜ਼ ਸੰਚਾਲਕ ਮਹਿੰਦਰ ਸੂਦ ਵਿਰਕ ਨੇ ਸ਼ਾਨਦਾਰ ਅੰਦਾਜ਼ ਵਿੱਚ ਕੀਤਾ। ਫਿਰ ਯਸ਼ਵੀਰ ਸਿੰਘ ਨੇ ਬਾ ਕਮਾਲ ਕਵਿਤਾਵਾਂ ਪੇਸ਼ ਕੀਤੀਆਂ ਅਤੇ ਬੂਟਾ ਗੁਲਾਮੀ ਵਾਲਾ ਨੇ ਸ਼ਾਨਦਾਰ ਕਵਿਤਾਵਾਂ ਪੇਸ਼ ਕੀਤੀਆਂ। ਡਾ. ਜਗਦੀਪ ਕੌਰ ਆਹੂਜਾ ਨੇ ਵੀ ਭਾਵੁਕ ਕਵਿਤਾਵਾਂ ਨਾਲ ਖੂਬ ਸਮਾਂ ਬੰਨ੍ਹਿਆ। ਗੁਰਦੀਪ ਸਿੰਘ ਲੋਟੇ ਨੇ ਵੀ ਸਕੂਨ ਭਰਪੂਰ ਕਵਿਤਾਵਾਂ ਨਾਲ ਸਰੋਤਿਆਂ ਤੋਂ ਵਾਹ-ਵਾਹ ਖੱਟੀ। ਰਾਜੀਵ ਸੇਠ ਦਿੱਲੀ ਨੇ ਬਹੁਤ ਸੇਧ ਵਰਧਕ ਗੀਤਾਂ ਨਾਲ ਹਾਜ਼ਰੀ ਭਰੀ। ਪ੍ਰੋਗਰਾਮ ਪ੍ਰਬੰਧਕ ਇਕਬਾਲ ਸਿੰਘ ਸਹੋਤਾ ਅਤੇ ਸੰਸਥਾਪਕ ਮਾਨ ਸਿੰਘ ਸੁਥਾਰ ਤੇ ਚੇਅਰਮੈਨ ਮੈਡਮ ਸੀਯਾ ਭਾਰਤੀ ਜੀ ਨੇ ਕਵੀ ਦਰਬਾਰ ਵਿੱਚ ਸ਼ਾਮਿਲ ਸਾਰੇ ਕਵੀ ਸਾਹਿਬਾਨ ਨੂੰ ਪ੍ਰਸ਼ੰਸਾ ਪੱਤਰ ਦੇ ਕੇ ਸਨਮਾਨਿਤ ਕਰਨ ਦਾ ਐਲਾਨ ਕੀਤਾ। ਸੰਚਾਲਕ ਸੂਦ ਵਿਰਕ ਨੇ ਅਖ਼ੀਰ ਬੁਲੰਦ ਹੌਂਸਲਿਆਂ ਨਾਲ ਵਿਲੱਖਣ ਪਹਿਚਾਣ ਬਨ੍ਹਾਉਣ ਦਾ ਸੁਨੇਹਾ ਦਿੱਤਾ।

# ਚਮਕੌਰ ਗੜ੍ਹੀ ਦੇ ਸ੍ਰੋਮਣੀ ਸ਼ਹੀਦ ਬਾਬਾ ਸੰਗਤ ਸਿੰਘ ਜੀ ਦੇ ਜਨਮ ਦਿਵਸ ਦੇ ਸਬੰਧ ਵਿੱਚ ਮਹਾਨ ਗੁਰਮਤਿ ਸਮਾਗਮ 11 ਮਈ ਨੂੰ



ਫਗਵਾੜਾ (ਸੁਸ਼ੀਲ ਸ਼ਰਮਾ) ਗੁਰਦੁਆਰਾ ਸ੍ਰੀ ਸੁਖਚੈਨਆਣਾ ਸਾਹਿਬ ਅਤੇ ਬਾਬਾ ਸੰਗਤ ਸਿੰਘ ਖਾਲਸਾ ਦਲ (ਰਜਿ) ਪੰਜਾਬ ਅਤੇ ਸਰਕਲ ਫਗਵਾੜਾ ਵਲੋਂ ਅਤੇ ਸਮੂਹ ਸਾਧ ਸੰਗਤ ਦੇ ਭਰਭੂਰ ਸਹਿਯੋਗ ਨਾਲ ਚਮਕੌਰ ਗੜ੍ਹੀ ਦੇ ਸ੍ਰੋਮਣੀ ਸ਼ਹੀਦ ਬਾਬਾ ਸੰਗਤ ਸਿੰਘ ਜੀ ਦੇ ਜਨਮ ਦਿਵਸ ਦੇ ਸਬੰਧ ਵਿੱਚ ਮਹਾਨ ਗੁਰਮਤਿ ਸਮਾਗਮ 11 ਮਈ, ਦਿਨ ਐਤਵਾਰ ਨੂੰ ਸਵੇਰੇ 9-00 ਵਜੇ ਤੋਂ ਰਾਤ 8-30 ਵਜੇ ਤੱਕ ਗੁਰਦੁਆਰਾ ਸ੍ਰੀ ਸੁਖਚੈਨਆਣਾ ਸਾਹਿਬ ਫਗਵਾੜਾ ਵਿਖੇ ਬੜੀ ਸ਼ਰਧਾ ਨਾਲ ਕਰਵਾਇਆ ਜਾ ਰਿਹਾ ਹੈ। ਸ.ਨਰਿੰਦਰ ਸਿੰਘ,ਮੈਨੇਜਰ,ਗੁਰਦੁਆਰਾ ਸ੍ਰੀ ਸੁਖਚੈਨਆਣਾ ਸਾਹਿਬ ਨੇ ਦੱਸਿਆ ਇਸ ਸਮਾਗਮ ਵਿੱਚ ਭਾਈ ਜੁਝਾਰ ਸਿੰਘ ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ ਸ੍ਰੀ ਅੰਮ੍ਰਿਤਸਰ ਸਾਹਿਬ ਵਾਲੇ,ਫਗਵਾੜੇ ਵਾਲੀਆਂ ਬੀਬੀਆਂ ਦਾ ਢਾਡੀ ਜਥਾ,ਭਾਈ ਸ਼ਮਸ਼ੇਰ ਸਿੰਘ ਹਜ਼ੂਰੀ ਰਾਗੀ ਗੁਰਦੁਆਰਾ ਸ੍ਰੀ ਸੁਖਚੈਨਆਣਾ ਸਾਹਿਬ,ਭਾਈ ਕੇਵਲ ਸਿੰਘ ਕਥਾ ਵਾਚਕ, ਭਾਈ ਜਸਵਿੰਦਰ ਸਿੰਘ ਛਾਪਾ ਪ੍ਰਚਾਰਕ ਪ੍ਰਚਾਰਕ ਸ੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ,ਗਿਆਨੀ ਗੁਰਜੀਤ ਸਿੰਘ ਭੱਠਲ ਕਵੀਸ਼ਰੀ ਜਥਾ ਆਦਿ ਜਥੇ ਸੰਗਤਾਂ ਨੂੰ ਗੁਰਬਾਣੀ ਕੀਰਤਨ ਅਤੇ ਢਾਡੀ ਵਾਰਾਂ ਨਾਲ ਨਿਹਾਲ ਕਰਨਗੇ। ਇਸ ਸਮਾਗਮ ਸਬੰਧੀ ਸਾਰੀਆਂ ਤਿਆਰੀਆਂ ਮੁਕੰਮਲ ਕਰ ਲਈਆਂ ਹਨ। ਸਮਾਗਮ ਨੂੰ ਸਫਲ ਕਰਨ ਲਈ ਦਲ ਦੇ ਮੈਂਬਰਾਂ ਦੀਆਂ ਡਿਊਟੀਆਂ ਲਗਵਾ ਦਿੱਤੀਆਂ ਹਨ। ਇਲਾਕੇ ਦੀਆਂ ਸੰਗਤਾਂ ਵਿੱਚ ਸਮਾਗਮ ਲਈ ਭਾਰੀ ਉਤਸ਼ਾਹ ਹੈ। ਸੰਗਤਾਂ ਲਈ ਗੁਰੂ ਕਾ ਲੰਗਰ ਅਤੁੱਟ ਵਰਤੇਗਾ। ਇਸ ਮੌਕੇ ਬਾਬਾ ਸੰਗਤ ਸਿੰਘ ਖਾਲਸਾ ਦਲ (ਰਜਿ) ਪੰਜਾਬ ਮੀਤ ਪ੍ਰਧਾਨ ਸ.ਜਤਿੰਦਰ ਸਿੰਘ ਖਾਲਸਾ ਅਤੇ ਪ੍ਰੈਸ ਸਕੱਤਰ ਮਨਦੀਪ ਸਿੰਘ ਸੰਧੂ ਅਤੇ ਡਾ.ਹਰਮੇਲ ਸਿੰਘ ਨੇ ਸੰਗਤਾਂ ਨੂੰ ਸਮਾਗਮ ਵਿੱਚ ਵੱਧ ਚੜ੍ਹ ਕੇ ਪਹੁੰਚਣ ਦੀ ਅਪੀਲ ਕੀਤੀ ਹੈ।

# ਪੰਜਾਬੀ ਭਾਸ਼ਾ ਦੇ ਮਾਣ ਸਤਿਕਾਰ ਲਈ ਸਾਰਿਆਂ ਦਾ ਸਹਿਯੋਗ ਜ਼ਰੂਰੀ-ਜ਼ਿਲ੍ਹਾ ਭਾਸ਼ਾ ਅਫ਼ਸਰ



ਫਗਵਾੜਾ-ਕਪੂਰਥਲਾ (ਸੁਸ਼ੀਲ ਸ਼ਰਮਾ) ਪੰਜਾਬ ਸਰਕਾਰ ਦੇ ਉਚੇਰੀ ਸਿੱਖਿਆ ਅਤੇ ਭਾਸ਼ਾ ਵਿਭਾਗ ਵਲੋਂ ਰਾਜ ਸਰਕਾਰ ਦੇ ਸਮੂਹ ਸਰਕਾਰੀ ਦਫ਼ਤਰਾਂ, ਵਿਭਾਗਾਂ, ਅਦਾਰਿਆਂ,ਅਰਧ ਸਰਕਾਰੀ ਅਦਾਰਿਆਂ, ਬੋਰਡ, ਨਿਗਮ, ਵਿੱਦਿਅਕ ਸੰਸਥਾਵਾਂ ਆਦਿ ਦੇ ਨਾਂਅ ਅਤੇ ਸੜਕਾਂ ਦੇ ਨਾਂਅ ਅਤੇ ਸੜਕਾਂ ਦੇ ਨਾਂਅ ਦੀਆਂ ਪੱਟੀਆਂ,ਮੀਲ ਪੱਥਰ,ਸਾਈਨ ਬੋਰਡ ਲਿਖਣ ਸਮੇਂ ਪੰਜਾਬੀ ਭਾਸ਼ਾ (ਗੁਰਮੁਖੀ ਲਿੱਪੀ) ਵਿੱਚ ਲਿਖੇ ਜਾਣ ਦੇ ਹੁਕਮ ਜਾਰੀ ਕੀਤੇ ਗਏ ਹਨ। ਜੇਕਰ ਕਿਸੇ ਹੋਰ ਭਾਸ਼ਾ ਵਿਚ ਨਾਮ ਲਿਖਣਾ ਹੋਵੇ ਤਾਂ ਪੰਜਾਬੀ ਭਾਸ਼ਾ (ਗੁਰਮੁਖੀ) ਤੋਂ ਬਾਅਦ ਲਿਖਿਆ ਜਾਵੇ।

ਇਸ ਸਬੰਧੀ ਜਾਣਕਾਰੀ ਦਿੰਦਿਆ ਸ਼੍ਰੀਮਤੀ ਜਸਪ੍ਰੀਤ ਕੌਰ ਜ਼ਿਲ੍ਹਾ ਭਾਸ਼ਾ ਅਫ਼ਸਰ ਕਪੂਰਥਲਾ ਨੇ ਦੱਸਿਆ ਕਿ ਪੰਜਾਬ ਸਰਕਾਰ ਇਸ ਮਾਮਲੇ ਪ੍ਰਤੀ ਬੇਹੱਦ ਸੰਜੀਦਾ ਹੈ ਤੇ ਕਿਸੇ ਪ੍ਰਕਾਰ ਦੀ ਅਣਗਹਿਲੀ ਨਹੀਂ ਵਰਤੀ ਜਾ ਸਕਦੀ। ਉਨ੍ਹਾਂ ਕਿਹਾ ਕਿ ਪੰਜਾਬੀ ਮਾਤ-ਭਾਸ਼ਾ ਪੰਜਾਬ ਰਾਜ ਦੀ ਜਿੰਦ-ਜਾਨ ਹੈ ਤੇ ਪੰਜਾਬੀਅਤ ਦਾ ਮਾਣ ਹੈ। ਇਸ ਲਈ ਸਬੰਧਿਤ ਹੁਕਮਾਂ ਅਧੀਨ ਆਉਂਦੇ ਸਾਰਿਆਂ ਨੂੰ ਹੀ ਅਪੀਲ ਹੈ ਕਿ ਆਪਣੇ ਅਧਿਕਾਰ ਖੇਤਰ ਵਿੱਚ ਆਉਂਦੇ ਦਫ਼ਤਰਾਂ/ਸਥਾਨਾਂ ਦੀ ਪੜਤਾਲ ਕਰ ਲਈ ਜਾਵੇ ਤੇ ਇਹ ਵੀ ਵਿਸ਼ੇਸ਼ ਤੌਰ ਤੇ ਧਿਆਨ ਦਿੱਤਾ ਜਾਵੇ ਕਿ ਸ਼ਬਦ ਜੋੜ ਵੀ ਠੀਕ ਹੋਣ। ਜੇਕਰ ਕੋਈ ਇਸ ਤਰ੍ਹਾਂ ਦੀ ਕਮੀ ਪਾਈ ਜਾਂਦੀ ਹੈ ਤਾਂ ਸਬੰਧਤ ਅਧਿਕਾਰੀਆਂ ਵਲੋਂ ਜਲਦੀ ਤੋਂ ਜਲਦੀ ਠੀਕ ਕਰਵਾਈ ਜਾਵੇ। ਇਨ੍ਹਾਂ ਹਦਾਇਤਾਂ ਸਬੰਧੀ ਪੰਜਾਬ ਸਰਕਾਰ ਉਚੇਰੀ ਸਿੱਖਿਆ ਤੇ ਭਾਸ਼ਾ ਵਿਭਾਗ ਵਲੋਂ ਜਾਰੀ ਪੱਤਰ ਵੀ ਵਿਭਾਗਾਂ ਨੂੰ ਭੇਜ ਦਿੱਤਾ ਗਿਆ ਹੈ।

ਇਸ ਸਬੰਧੀ ਕਿਸੇ ਵੀ ਸਮੇਂ ਦਫ਼ਤਰ ਭਾਸ਼ਾ ਵਿਭਾਗ ਕਪੂਰਥਲਾ ਤੋਂ ਅਗਵਾਈ ਜਾਂ ਸਹਿਯੋਗ ਵੀ ਲਿਆ ਜਾ ਸਕਦਾ ਹੈ। ਪੰਜਾਬ ਸਰਕਾਰ ਦੇ ਭਾਸ਼ਾ ਵਿਭਾਗ ਪੰਜਾਬ ਦਾ ਮੂਲ ਮਨੋਰਥ ਪੰਜਾਬ ਵਾਸੀਆਂ ਨੂੰ ਨਾਲ ਲੈ ਕੇ ਪੰਜਾਬੀ ਭਾਸ਼ਾ ਸਬੰਧੀ ਕਮੀਆਂ ਅਤੇ ਤਰੁਟੀਆਂ ਨੂੰ ਦੂਰ ਕਰਨਾ ਹੈ ਤੇ ਪੰਜਾਬੀ ਭਾਸ਼ਾ ਦਾ ਬਣਦਾ ਮਾਣ ਸਤਿਕਾਰ ਕਾਇਮ ਰੱਖਣਾ ਹੈ।

# ਲਾਇਨਜ ਕਲੱਬ ਫਗਵਾੜਾ ਨੇ ਸਿਵਲ ਸਰਵਿਸਿਜ ਪ੍ਰੀਖਿਆ ਪਾਸ ਕਰਨ 'ਤੇ ਸਿਦਕ ਸਿੰਘ ਨੂੰ ਕੀਤਾ ਸਨਮਾਨਤ



ਫਗਵਾੜਾ ( ਸੁਸ਼ੀਲ ਸ਼ਰਮਾ )ਲਾਇਨਜ ਕਲੱਬ ਫਗਵਾੜਾ ਵਲੋਂ ਇੱਥੋਂ ਦੇ ਹੋਣਹਾਰ ਨੌਜਵਾਨ ਸਿਦਕ ਸਿੰਘ ਨੂੰ ਸਿਵਲ ਸਰਵਿਸਿਸ 2024 (ਯੂ.ਪੀ.ਐਸ.ਈ.) ਦੀ ਪ੍ਰੀਖਿਆ ਪਾਸ ਕਰਨ 'ਤੇ ਸਨਮਾਨਤ ਕੀਤਾ ਗਿਆ। ਕਲੱਬ ਪ੍ਰਧਾਨ ਲਾਇਨ ਸਰਬਜੀਤ ਸਿੰਘ ਅਤੇ ਸਮੂਹ ਕਲੱਬ ਮੈਂਬਰਾਂ ਵਲੋਂ ਸਥਾਨਕ ਬਲੱਡ ਬੈਂਕ ਗੁਰੂ ਹਰਗੋਬਿੰਦ ਨਗਰ ਫਗਵਾੜਾ ਵਿਖੇ ਆਯੋਜਿਤ ਸਨਮਾਨ ਸਮਾਗਮ ਦੌਰਾਨ ਸਿਦਕ ਸਿੰਘ ਨੂੰ ਸਨਮਾਨ ਚਿੰਨ੍ਹ ਅਤੇ ਪ੍ਰਸ਼ੰਸਾ ਪੱਤਰ ਭੇਂਟ ਕੀਤਾ ਗਿਆ। ਇਸ ਦੌਰਾਨ ਵਿਸ਼ੇਸ਼ ਤੌਰ ਤੇ ਪਹੁੰਚੇ ਕਲੱਬ ਦੇ ਚਾਰਟਰ ਪ੍ਰਧਾਨ ਸੁਖਵਿੰਦਰ ਸਿੰਘ ਟੈਰੀ ਨੇ ਕਿਹਾ ਕਿ ਸਿਦਕ ਸਿੰਘ ਨੇ ਆਪਣਾ ਅਤੇ ਆਪਣੇ ਪਰਿਵਾਰ ਦਾ ਹੀ ਨਹੀਂ ਸਗੋਂ ਸਮੁੱਚੇ ਪੰਜਾਬ ਦਾ ਨਾਮ ਉੱਚਾ ਕੀਤਾ ਹੈ। ਉਹਨਾਂ ਦੱਸਿਆ ਕਿ ਸਿਦਕ ਸਿੰਘ ਦਾ ਜਨਮ ਧਾਰਮਿਕ ਰੁਚੀ ਵਾਲੇ ਦਾਦਾ ਸ. ਸਰਦਾਰ ਸਿੰਘ ਅਤੇ ਦਾਦੀ ਮਾਤਾ ਇੰਦਰਜੀਤ ਕੌਰ ਦੇ ਪਰਿਵਾਰ ਵਿਚ ਮਾਤਾ ਸਿਮਰਪ੍ਰੀਤ ਕੌਰ ਅਤੇ ਪਿਤਾ ਸਰਦਾਰ ਚਰਨਜੀਤ ਸਿੰਘ ਦੇ ਘਰ ਹੋਇਆ। ਚਾਚਾ ਤਜਿੰਦਰਜੀਤ ਸਿੰਘ ਸੋਨੂ ਦੇ ਪਿਆਰ ਸਦਕਾ ਇਹਨਾਂ ਆਪਣੀ ਮੁਢਲੀ ਪੜ੍ਹਾਈ ਕਾਨਵੈਂਟ ਸਕੂਲ ਅਤੇ ਸਵਾਮੀ ਸੰਤ ਦਾਸ ਸਕੂਲ ਫਗਵਾੜਾ ਅਤੇ ਉਚੇਰੀ ਸਿਖਿਆ ਸੋਸ਼ਲ ਸਾਇੰਸ ਵਿਚ ਗੁਰੂ ਨਾਨਕ ਦੇਵ ਯੂਨੀਵਰਸਿਟੀ ਅੰਮ੍ਰਿਤਸਰ ਤੋਂ ਪ੍ਰਾਪਤ ਕੀਤੀ। ਜਿਸ ਤੋਂ ਬਾਅਦ ਯੂ.ਪੀ.ਐਸ. ਸੀ -2024 ਦੀ ਸਾਲਾਨਾ ਪ੍ਰੀਖਿਆ 'ਚ 157 ਵਾਂ ਰੈਂਕ ਹਾਸਲ ਕੀਤਾ ਹੈ। ਉਹਨਾਂ ਦੱਸਿਆ ਕਿ ਸਿਵਲ ਸਰਵਿਸਿਜ ਦੀ ਪ੍ਰੀਖਿਆ 'ਚ ਹਰੇਕ ਸਾਲ ਦੇਸ਼ ਭਰ ਦੇ ਲੱਖਾਂ ਵਿਦਿਆਰਥੀ ਹਿਸਾ ਲੈਂਦੇ ਹਨ ਪਰ ਪਾਸ ਕਰਨ ਵਾਲਿਆਂ ਦੀ ਗਿਣਤੀ ਸਿਰਫ ਸੈਂਕੜਿਆਂ ਤੱਕ ਸੀਮਤ ਹੁੰਦੀ ਹੈ। ਇਸ ਦੌਰਾਨ ਹੋਣਹਾਰ ਨੌਜਵਾਨ ਸਿਦਕ ਸਿੰਘ ਨੇ ਕਲੱਬ ਦਾ ਧੰਨਵਾਦ ਕਰਦਿਆਂ ਕਿਹਾ ਕਿ ਕੋਸ਼ਿਸ਼ ਕਰਨ 'ਤੇ ਕਾਮਯਾਬੀ ਜ਼ਰੂਰ ਹਾਸਲ ਹੁੰਦੀ ਹੈ। ਸਾਨੂੰ ਕੋਸ਼ਿਸ਼ ਕਰਦੇ ਰਹਿਣਾ ਚਾਹੀਦਾ ਹੈ। ਉਸਨੇ ਆਪਣੀ ਕਾਮਯਾਬੀ ਦਾ ਸਿਹਰਾ ਆਪਣੇ ਪਰਿਵਾਰ, ਸਕੂਲਾਂ ਦੇ ਅਧਿਆਪਕਾਂ ਅਤੇ ਯੂਨੀਵਰਸਿਟੀ ਦੇ ਪ੍ਰੋਫੈਸਰਾਂ ਖ਼ਾਸ ਤੌਰ 'ਤੇ ਆਪਣੇ ਪਿਤਾ ਨੂੰ ਦਿੱਤਾ। ਇਸ ਮੌਕੇ ਲਾਇਨ ਜਸਵੀਰ ਡੱਬ, ਕਲੱਬ ਸਕੱਤਰ ਲਾਇਨ ਦੇਵ ਕਾਲੀਆ, ਲਾਇਨ ਸਰਬਜੀਤ ਸਿੰਘ, ਲਾਇਨ ਹਰਜਿੰਦਰ ਸਿੰਘ ਵਿਰਕ, ਲਾਇਨ ਗੁਰਦੇਵ ਸਿੰਘ ਬਾਂਸਲ, ਲਾਇਨ ਗੁਲਬਹਾਰ ਬੱਤਾ, ਲਾਇਨ ਬਲੀ ਰਾਮ, ਲਾਇਨ ਸੰਦੀਪ ਕੁਮਾਰ, ਲਾਇਨ ਨਵੀਨ ਕੁਮਾਰ, ਲਾਇਨ ਅਰਵਿੰਦਰ ਵਿੱਕੀ, ਲਾਇਨ ਨਵਜੋਤ ਸਿੰਘ ਆਦਿ ਹਾਜਰ ਸਨ।

# ਪਿੰਡ ਕਹਾਰਪੁਰ ਵਿਖੇ ਰਾਂ ਗੋਤ ਜਠੇਰਿਆਂ ਦਾ ਸਲਾਨਾ ਮੇਲਾ 18 ਮਈ ਜੇਠੇ ਐਤਵਾਰ ਨੂੰ ਬਹੁਤ ਹੀ ਧੂਮਧਾਮ ਨਾਲ ਮਨਾਇਆ ਜਾਵੇਗਾ



ਫਗਵਾੜਾ-ਮਹਿਲਪੁਰ 3 ਮਈ (ਸੁਸ਼ੀਲ ਸ਼ਰਮਾ) ਮਹਿਲਪੁਰ ਦੇ ਅਧੀਨ ਪੈਂਦੇ ਪਿੰਡ ਕਹਾਰਪੁਰ ਵਿਖੇ ਹਰ ਸਾਲ ਦੀ ਤਰ੍ਹਾਂ ਰਾਂ ਗੋਤ ਜਠੇਰਿਆਂ ਦਾ ਮੇਲਾ 18 ਮਈ ਜੇਠੇ ਐਤਵਾਰ ਨੂੰ ਸੰਗਤਾਂ ਦੇ ਸਹਿਯੋਗ ਨਾਲ ਬਹੁਤ ਹੀ ਸਰਧਾ ਤੇ ਧੂਮਧਾਮ ਨਾਲ ਮਨਾਇਆ ਜਾਵੇਗਾ। ਇਸ ਮੌਕੇ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸ੍ਰੀ ਸੋਡੀ ਚੰਦ ਤੇ ਡੀ.ਐਸ.ਪੀ ਕੁਲਵਿੰਦਰ ਸਿੰਘ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਸਭ ਤੇ ਪਹਿਲਾ ਨਿਸ਼ਾਨ ਸਾਹਿਬ ਜੀ ਦੀ ਰਸਮ ਨਿਭਾਈ ਜਾਵੇਗੀ। ਉਪਰੰਤ ਪੰਜਾਬ ਦੇ ਗੋਲਡ ਮੈਡਲਿਸਟ ਗਾਇਕ ਬਲਵਿੰਦਰ ਬਿੱਟੂ ਤੇ ਬਿੰਦਾ ਫੱਤੋਵਾਲੀਆ ਵਲੋਂ ਜਠੇਰੇ ਵੱਡੇ ਵਡੇਰਿਆਂ ਦੀ ਮਹਿਮਾ ਦਾ ਗੁਣਗਾਣ ਕਰਕੇ ਸੰਗਤਾਂ ਨੂੰ ਨਿਹਾਲ ਕਰਨਗੇ। ਸੇਵਾਦਾਰਾਂ ਵਲੋਂ ਆਈਆਂ ਹੋਈਆ ਸੰਗਤਾਂ ਵਾਸਤੇ ਚਾਹ ਪਕੌੜੇ ਤੇ ਲੰਗਰ ਦਾ ਖ਼ਾਸ ਪ੍ਰਬੰਧ ਕੀਤਾ ਜਾਵੇਗਾ। ਇਸ ਮੌਕੇ ਸਰਪ੍ਰਸਤ ਗੁਰਦੇਵ ਚੰਦ ਕੈਂਡੋਵਾਲ, ਦਲਜੀਤ ਸਿੰਘ ਕਾਲਾ ਕੈਂਡੋਵਾਲ, ਮਨਜੀਤ ਰਾਏ ਫੱਤੋਵਾਲ,ਕ੍ਰਿਸ਼ਨ ਜੀਤ ਰਾਓ,ਰਾਕੇਸ਼ ਫਗਵਾੜਾ,ਸੁਰਿੰਦਰ ਪਿੰਕੀ ਕੈਂਡੋਵਾਲ,ਭੁਪਿੰਦਰ ਸਿੰਘ,ਮੋਹਣ ਸਿੰਘ,ਠੇਕੇਦਾਰ ਸੁਰਿੰਦਰ ਪਾਲ ਸਿੰਘ,ਸੂਬੇਦਾਰ ਗੁਰਮੇਲ ਸਿੰਘ ਬਰਿਆਣਾ ਆਦਿ ਵੱਡੀ ਗਿੱਣਤੀ ਵਿੱਚ ਸੰਗਤਾਂ ਹਾਜਰ ਹੋਣਗੀਆਂ।

# ਆਈ.ਪੀ.ਐਸ. ਬਣੇ ਫਗਵਾੜਾ ਦੇ ਸਿਦਕ ਸਿੰਘ ਨੂੰ ਸ਼ਹਿਰ ਦੀਆਂ ਸਮਾਜਿਕ ਜੱਥੇਬੰਦੀਆਂ ਨੇ ਕੀਤਾ ਸਨਮਾਨਤ



ਫਗਵਾੜਾ ( ਸੁਸ਼ੀਲ ਸ਼ਰਮਾ ) ਯੂ.ਪੀ. ਐਸ.ਸੀ. ਦੀ ਕਠਿਨ ਪ੍ਰੀਖਿਆ ਪਾਸ ਕਰਕੇ ਆਈ.ਪੀ.ਐਸ. ਅਫਸਰ ਬਣਨ ਦਾ ਮਾਣ ਹਾਸਲ ਕਰਨ ਵਾਲੇ ਫਗਵਾੜਾ ਦੇ ਹੋਣਹਾਰ ਨੌਜਵਾਨ ਸਿਦਕ ਸਿੰਘ ਦੇ ਸਨਮਾਨ 'ਚ ਇਕ ਸਮਾਗਮ ਬਲੱਡ ਬੈਂਕ ਗੁਰੂ ਹਰਗੋਬਿੰਦ ਨਗਰ ਫਗਵਾੜਾ ਵਿਖੇ ਬਲੱਡ ਬੈਂਕ ਦੇ ਪ੍ਰਧਾਨ ਮਲਕੀਅਤ ਸਿੰਘ ਰਘਬੋਤਰਾ ਦੀ ਦੇਖਰੇਖ ਹੇਠ ਆਯੋਜਿਤ ਕੀਤਾ ਗਿਆ। ਜਿਸ ਵਿਚ ਮੇਅਰ ਰਾਮਪਾਲ ਉੱਪਲ ਅਤੇ ਏ.ਡੀ.ਸੀ. ਕਮ ਨਿਗਮ ਕਮਿਸ਼ਨਰ ਡਾ. ਅਕਸ਼ਿਤਾ ਗੁਪਤਾ ਵਿਸ਼ੇਸ਼ ਤੌਰ ਤੇ ਮੌਜੂਦ ਰਹੇ। ਉਹਨਾਂ ਨੇ ਸਿਦਕ ਸਿੰਘ ਨੂੰ ਸਨਮਾਨ ਚਿੰਨ੍ਹ, ਸ਼ਾਲ ਅਤੇ ਪ੍ਰਸ਼ੰਸਾ ਪੱਤਰ ਭੇਂਟ ਕਰਦਿਆਂ ਮੁਬਾਰਕਬਾਦ ਅਤੇ ਸ਼ੁੱਭ ਇੱਛਾਵਾਂ ਦਿੱਤੀਆਂ। ਇਸ ਦੌਰਾਨ ਵੱਖ-ਵੱਖ ਬੁਲਾਰਿਆਂ ਨੇ ਸੰਬੋਧਨ ਕਰਦਿਆਂ ਕਿਹਾ ਕਿ ਸਿਦਕ ਸਿੰਘ ਨੇ ਆਪਣੇ ਪਰਿਵਾਰ ਦੇ ਨਾਲ ਹੀ ਸ਼ਹਿਰ ਅਤੇ ਪੰਜਾਬ ਦਾ ਨਾਮ ਵੀ ਰੌਸ਼ਨ ਕੀਤਾ ਹੈ। ਸਮਾਗਮ ਦੌਰਾਨ ਪਹੁੰਚੇ ਸੁਆਮੀ ਸੰਤ ਦਾਸ ਸਕੂਲ ਪ੍ਰਿੰਸੀਪਲ ਅੰਜੂ ਮਹਿਤਾ ਨੇ ਕਿਹਾ ਕਿ ਉਹਨਾਂ ਦੇ ਲਈ ਬਹੁਤ ਮਾਣ ਵਾਲੀ ਗੱਲ ਹੈ ਕਿ ਸਿਦਕ ਸਿੰਘ ਨੇ ਮੁਢਲੀ ਸਿੱਖਿਆ ਉਹਨਾਂ ਦੇ ਸਕੂਲ 'ਚ ਹਾਸਲ ਕੀਤੀ ਹੈ। ਪ੍ਰੋਫੈਸਰ ਜਸਵੰਤ ਸਿੰਘ ਗੰਢਮ ਨੇ ਕਿਹਾ ਕਿ ਸੁਪਨਾ ਪੂਰਾ ਹੋਣ ਦੀ ਖੁਸ਼ੀ ਦਾ ਵੱਖਰਾ ਹੀ ਅਹਿਸਾਸ ਹੁੰਦਾ ਹੈ ਅਤੇ ਸਿਦਕ ਸਿੰਘ ਖੁਸ਼ਕਿਸਮਤ ਹੈ ਜਿਸ ਨੇ ਆਪਣੀ ਸਖ਼ਤ ਮਿਹਨਤ ਸਦਕਾ ਨਾ ਸਿਰਫ ਆਪਣੇ ਸੁਪਨੇ ਨੂੰ ਪੂਰਾ ਕੀਤਾ ਹੈ ਸਗੋਂ ਹੋਰਨਾਂ ਨੌਜਵਾਨਾਂ ਨੂੰ ਵੀ ਮੰਜ਼ਿਲ ਦੀ ਪ੍ਰਾਪਤੀ ਲਈ ਸਖ਼ਤ ਮਿਹਨਤ ਕਰਨ ਦੀ ਸੇਧ ਦਿੱਤੀ ਹੈ। ਇਸ ਦੌਰਾਨ ਗੁਰਮੀਤ ਸਿੰਘ ਪਲਾਹੀ ਨੇ ਮਾਣ ਪੱਤਰ ਪੜ੍ਹਿਆ। ਜਿਸ ਨੂੰ ਬਲੱਡ ਬੈਂਕ ਦੇ ਚੇਅਰਮੈਨ ਕੇ.ਕੇ. ਸਰਦਾਨਾ, ਪ੍ਰਧਾਨ ਮਲਕੀਅਤ ਸਿੰਘ ਰਘਬੋਤਰਾ ਅਤੇ ਹਰਬੰਸ ਲਾਲ ਨੇ ਸਿਦਕ ਸਿੰਘ ਨੂੰ ਭੇਂਟ ਕੀਤਾ। ਸਟੇਜ ਦੀ ਸੇਵਾ ਜੇਸੀਜ ਦੇ ਸਾਬਕਾ ਰਾਸ਼ਟਰੀ ਪ੍ਰਧਾਨ ਮੁਖਿੰਦਰ ਸਿੰਘ ਨੇ ਬਾਖੂਬੀ ਨਿਭਾਈ। ਇਸ ਮੌਕੇ ਸਿਦਕ ਸਿੰਘ ਦੇ ਦਾਦਾ ਸਰਦਾਰ ਸਿੰਘ, ਦਾਦੀ ਇੰਦਰਜੀਤ ਕੌਰ, ਮਾਤਾ ਸਿਮਰਪ੍ਰੀਤ ਕੌਰ, ਪਿਤਾ ਚਰਨਜੀਤ ਸਿੰਘ ਤੋਂ ਇਲਾਵਾ ਜੇਸੀਜ ਕਲੱਬ ਪ੍ਰਧਾਨ ਜਯੋਤੀ, ਇੰਨਰਵ੍ਹੀਲ ਕਲੱਬ ਪ੍ਰਧਾਨ ਸੁਮਿਤਾ ਪਰਾਸ਼ਰ, ਭਾਰਤ ਵਿਕਾਸ ਪ੍ਰੀਸ਼ਦ ਦੇ ਪ੍ਰਧਾਨ ਰਵਿੰਦਰ ਗੁਲਾਟੀ, ਸੀਨੀਅਰ ਸਿਟੀਜਨਸ ਵੈਲਫੇਅਰ ਸੁਸਾਇਟੀ ਦੇ ਪ੍ਰਧਾਨ ਵਿਸ਼ਵਾ ਮਿੱਤਰ ਸ਼ਰਮਾ, ਰੋਟਰੀ ਕਲੱਬ ਦੇ ਪ੍ਰਧਾਨ ਮਨਦੀਪ ਸਿੰਘ, ਅਲਾਇੰਸ ਕਲੱਬ ਦੇ ਪ੍ਰਧਾਨ ਵਰੁਣ ਵਧਾਵਨ, ਸ਼ਾਲਨੀ ਗਰੁੱਪ ਦੀ ਪ੍ਰਧਾਨ ਮੋਨਿਕਾ, ਪਰਮਜੀਤ ਸਿੰਘ, ਲਾਇਨ ਸਰਬਜੀਤ ਸਿੰਘ, ਹਰਜਿੰਦਰ ਸਿੰਘ, ਵਿਕਾਸ ਕੋਛੜ, ਜਤਿੰਦਰ ਸਿੰਘ ਕੁੰਦੀ, ਅਮਰਜੀਤ ਸਿੰਘ ਢਿੱਲੋਂ, ਲਾਇਨਜ ਪ੍ਰਧਾਨ ਵਿਕਾਸ ਕੋਛੜ, ਪਰਮਿੰਦਰ ਸਿੰਘ ਕੁੰਦੀ, ਬਲਵਿੰਦਰ ਸੱਗੂ, ਲਾਇਨਜ ਪ੍ਰਧਾਨ ਪਰਮਜੀਤ, ਰੋਟਰੀ ਕਲੱਬ ਸਾਊਥ ਈਸਟ ਦੇ ਪ੍ਰਧਾਨ ਮਨਦੀਪ ਸਿੰਘ, ਅਮਰਜੀਤ ਰਿਐਤ, ਜਸਪ੍ਰੀਤ ਸਿੰਘ, ਰਵਿੰਦਰ ਚੋਟ, ਪਦਮ ਵਧਾਵਨ, ਸਿਟੀਜਨ ਰਾਈਟਸ ਫੋਰਮ ਦੇ ਪ੍ਰਧਾਨ ਡਾ. ਜੇ.ਐਸ. ਵਿਰਕ, ਵਿਪਨ ਅਰੋੜਾ, ਤਾਰਾ ਚੰਦ ਚੁੰਬਰ, ਵਿਪਨ ਖੁਰਾਨਾ ਆਦਿ ਹਾਜਰ ਸਨ। ਅਖੀਰ ਵਿਚ ਉਦਯੋਗਪਤੀ ਅਸ਼ੋਕ ਸੇਠੀ ਨੇ ਸਮੂਹ ਹਾਜਰੀਨ ਦਾ ਪਹੁੰਚਣ ਲਈ ਧੰਨਵਾਦ ਕੀਤਾ।

# ਦੁਬਈ ਚ ਮਰੇ ਪ੍ਰਦੀਪ ਦੇ ਮਾਪਿਆਂ ਦਾ ਦੁੱਖ ਵੇਖ ਭਾਵੁਕ ਹੋਏ ਡਾ.ਉਬਰਾਏ



ਅੰਮ੍ਰਿਤਸਰ, - ਹਰੇਕ ਦੁਖੀ ਦੇ ਦੁੱਖ ਨੂੰ ਆਪਣਾ ਦੁੱਖ ਸਮਝ ਕੇ ਉਸ ਦੀ ਹਰ ਸੰਭਵ ਮਦਦ ਕਰਨ ਵਾਲੇ ਦੁਬਈ ਦੇ ਉੱਘੇ ਕਾਰੋਬਾਰੀ ਅਤੇ ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਦੇ ਸਰਪ੍ਰਸਤ ਡਾ.ਐਸ.ਪੀ.ਸਿੰਘ ਉਬਰਾਏ ਅੰਮ੍ਰਿਤਸਰ ਨਾਲ ਸਬੰਧਿਤ ਪ੍ਰਦੀਪ ਸਿੰਘ,ਜਿਸ ਦੀ ਦੁਬਈ ਚ ਹੋਏ ਇੱਕ ਭਿਆਨਕ ਸੜਕ ਹਾਦਸੇ ਦੌਰਾਨ ਦਰਦਨਾਕ ਮੌਤ ਹੋ ਗਈ ਸੀ, ਦੇ ਮਾਪਿਆਂ ਨਾਲ ਦੁੱਖ ਸਾਂਝਾ ਕਰਨ ਲਈ ਉਚੇਚੇ ਤੌਰ ਤੇ ਉਸ ਦੇ ਘਰ ਪਹੁੰਚੇ ਜਿੱਥੇ ਇਕਲੌਤੇ ਪੁੱਤ ਦੇ ਵਿਛੋੜੇ ਚ ਵਿਲਕਦੇ ਮਾਪਿਆਂ ਦਾ ਦੁੱਖ ਵੇਖ ਡਾ.ਉਬਰਾਏ ਵੀ ਭਾਵੁਕ ਹੋ ਗਏ।

ਇਸ ਦੌਰਾਨ ਗੱਲਬਾਤ ਕਰਦਿਆਂ ਡਾ.ਐੱਸ.ਪੀ. ਸਿੰਘ ਓਬਰਾਏ ਨੇ ਭਰੇ ਮਨ ਨਾਲ ਦੱਸਿਆ ਮਾਪਿਆਂ ਦਾ ਇਕਲੌਤਾ ਪੁੱਤ ਪ੍ਰਦੀਪ ਵੀ ਬਿਹਤਰ ਭਵਿੱਖ ਲਈ ਕਰੀਬ 6 ਮਹੀਨੇ ਪਹਿਲਾਂ ਹੀ ਦੁਬਈ ਗਿਆ ਸੀ ਬੀਤੀ 10 ਅਪ੍ਰੈਲ ਨੂੰ ਦੁਬਈ ਚ ਵਾਪਰੇ ਇੱਕ ਸੜਕ ਹਾਦਸੇ ਦੌਰਾਨ ਲੱਗੀ ਭਿਆਨਕ ਅੱਗ ਚ ਬਹੁਤ ਬੁਰੀ ਤਰ੍ਹਾਂ ਨਾਲ ਝੁਲਸ ਜਾਣ ਕਾਰਨ ਉਸਦੀ ਦਰਦਨਾਕ ਮੌਤ ਹੋ ਗਈ ਸੀ। ਉਨ੍ਹਾਂ ਵੱਲੋਂ ਭਾਰਤੀ ਦੂਤਾਵਾਸ ਦੇ ਸਹਿਯੋਗ ਨਾਲ ਸਾਰੀ ਲੋੜੀਂਦੀ ਕਾਗਜ਼ੀ ਕਾਰਵਾਈ ਮੁਕੰਮਲ ਕਰਵਾ ਕੇ ਪ੍ਰਦੀਪ ਦਾ ਮਿਤ੍ਰਕ ਸਰੀਰ ਕੁਝ ਦਿਨ ਪਹਿਲਾਂ ਭਾਰਤ ਭੇਜਿਆ ਸੀ। ਡਾ.ਉਬਰਾਏ ਨੇ ਦੱਸਿਆ ਕਿ ਅੱਜ ਉਨ੍ਹਾਂ ਪ੍ਰਦੀਪ ਦੀ ਵੱਡੀ ਭੈਣ ਦੇ ਵਿਆਹ ਲਈ 2 ਲੱਖ ਰੁਪਏ ਦਾ ਚੈੱਕ ਉਸ ਦੇ ਪਰਿਵਾਰ ਨੂੰ ਦੇਣ ਤੋਂ ਇਲਾਵਾ ਉਸ ਦੇ ਮਾਪਿਆਂ ਦੀ ਹਾਲਤ ਨੂੰ ਵੇਖਦਿਆਂ ਘਰ ਦੇ ਗੁਜ਼ਾਰੇ ਲਈ 5 ਹਜ਼ਾਰ ਰੁਪਏ ਪ੍ਰਤੀ ਮਹੀਨਾ ਪੈਨਸ਼ਨ ਵੀ ਸ਼ੁਰੂ ਕਰ ਦਿੱਤੀ ਹੈ। ਉਨ੍ਹਾਂ ਕਿਹਾ ਕਿ ਭਾਵੇਂ ਉਹ ਇਸ ਦੁੱਖੀ ਪਰਿਵਾਰ ਦਾ ਘਾਟਾ ਤਾਂ ਨਹੀਂ ਪੂਰਾ ਕਰ ਸਕਦੇ ਪਰ ਇਸ ਔਖੇ ਵੇਲੇ ਆਪਣੇ ਵੱਲੋਂ ਹਰ ਸੰਭਵ ਮਦਦ ਕਰਨਾ ਆਪਣਾ ਇਨਸਾਨੀ ਫਰਜ਼ ਸਮਝਦੇ ਹਨ।

ਇਸ ਮੌਕੇ ਉਨ੍ਹਾਂ ਨਾਲ ਟਰੱਸਟ ਦੇ ਪੰਜਾਬ ਪ੍ਰਧਾਨ ਸੁਖਜਿੰਦਰ ਸਿੰਘ ਹੇਰ, ਜ਼ਿਲ੍ਹਾ ਜਨਰਲ ਸਕੱਤਰ ਮਨਪ੍ਰੀਤ ਸੰਧੂ, ਨਵਜੀਤ ਸਿੰਘ ਘਈ ਤੇ ਸੁਖਚੈਨ ਸਿੰਘ ਹੇਰ ਤੋਂ ਇਲਾਵਾ ਹਰਜੀਤ ਸਿੰਘ ਅਤੇ ਰਣਜੀਤ ਸਿੰਘ ਆਦਿ ਵੀ ਮੌਜੂਦ ਸਨ।

# ਦਿੱਲੀ ਵਿੱਚ ਕਰਵਾਏ ਗਏ ਨੇਸ਼ਨਲ ਸਕੂਲ ਗੇਮਜ਼ ਵਿੱਚ ਫਾਜ਼ਿਲਕਾ ਦੀ ਪ੍ਰਭਜੋਤ ਕੌਰ ਨੇ ਫ੍ਰੀ ਸੋਟੀ ਮੁਕਾਬਲੇ ਵਿੱਚ ਸੋਨੇ ਦਾ ਤਮਗਾ ਜਿੱਤ ਕੇ ਵਧਾਇਆ ਮਾਣ



ਦਿੱਲੀ ਵਿੱਚ ਕਰਵਾਏ ਗਏ 68ਵੇਂ ਨੇਸ਼ਨਲ ਸਕੂਲ ਗੇਮਜ਼ 2024-25 ਦੇ ਅਧੀਨ ਅੰਡਰ-19 ਗਤਕਾ ਮੁਕਾਬਲਿਆਂ ਵਿੱਚ ਪੰਜਾਬ ਦੇ ਜ਼ਿਲ੍ਹਾ ਫਾਜ਼ਿਲਕਾ ਦੀ ਹੋਨਹਾਰ ਵਿਦਿਆਰਥਣ ਪ੍ਰਭਜੋਤ ਕੌਰ ਨੇ ਫ੍ਰੀ ਸੋਟੀ ਟੀਮ ਵਿੱਚ ਭਾਗ ਲੈ ਕੇ ਸੋਨੇ ਦਾ ਤਮਗਾ ਜਿੱਤਿਆ। ਆਪਣੇ ਸ਼ਾਨਦਾਰ ਪ੍ਰਦਰਸ਼ਨ ਰਾਹੀਂ ਉਸ ਨੇ ਨਾ ਸਿਰਫ ਆਪਣੇ ਸਕੂਲ ਦਾ ਨਾਮ ਰੌਸ਼ਨ ਕੀਤਾ, ਸਗੋਂ ਸਾਰੇ ਜ਼ਿਲ੍ਹੇ ਨੂੰ ਮਾਣ ਨਾਲ ਭਰ ਦਿੱਤਾ।

ਪ੍ਰਭਜੋਤ ਕੌਰ, ਪੀ.ਐਮ. ਸ਼੍ਰੀ ਸ.ਸ.ਸ.ਸ. ਲਾਲੋਵਾਲੀ ਸਕੂਲ ਦੀ ਗਿਆਰਵੀਂ ਜਮਾਤ ਦੀ ਵਿਦਿਆਰਥਣ ਹੈ। ਮੁਕਾਬਲੇ ਦੀ ਤਿਆਰੀ ਲਈ ਉਸ ਨੇ ਦਿਲੋ-ਜਾਨ ਲਗਾ ਕੇ, ਸਮਰਪਣ ਅਤੇ ਅਨੁਸ਼ਾਸਨ ਨਾਲ ਅਭਿਆਸ ਕੀਤਾ। ਰਾਸ਼ਟਰੀ ਪੱਧਰ ਦੀ ਇਸ ਪ੍ਰਤੀਯੋਗਤਾ ਵਿੱਚ ਬਿਹਤਰੀਨ ਪ੍ਰਦਰਸ਼ਨ ਕਰਕੇ ਸੋਨੇ ਦਾ ਤਮਗਾ ਜਿੱਤਣ ਦੇ ਬਾਅਦ ਜਦੋਂ ਉਹ ਸਕੂਲ ਵਾਪਸ ਆਈ, ਤਾਂ ਪ੍ਰਧਾਨਾਚਾਰਿਆ ਸ਼੍ਰੀ ਮਨੋਜ ਕੁਮਾਰ, ਸਾਰਾ ਅਧਿਆਪਕ ਵਰਗ ਅਤੇ ਸਾਥੀ ਵਿਦਿਆਰਥੀਆਂ ਨੇ ਉਸਦਾ ਅਤੇ ਉਸਦੇ ਮਾਪਿਆਂ ਦਾ ਭ□□□ ਸਵਾਗਤ ਕੀਤਾ।

ਪ੍ਰਭਜੋਤ ਦੀ ਇਸ ਪ੍ਰਾਪਤੀ ਵਿੱਚ ਉਸਦੇ ਅਧਿਆਪਕਾਂ ਦੀ ਵੀ ਅਹੰ ਭੂਮਿਕਾ ਰਹੀ। ਸਰੀਰਕ ਸਿੱਖਿਆ ਦੀ ਪ੍ਰਵਕਤਾ ਰਾਜਬੀਰ ਕੌਰ, ਡੀ.ਪੀ.ਈ. ਵਨੀਤਾ ਧੰਜੂ ਅਤੇ ਪੰਜਾਬੀ ਅਧਿਆਪਕ ਸੰਦੀਪ ਨੇ ਉਸ ਨੂੰ ਰਸਤਾ ਵਿਖਾਇਆ, ਸਿਖਲਾਈ ਦਿੱਤੀ ਅਤੇ ਮਾਨਸਿਕ ਤੌਰ ਤੇ ਮਜ਼ਬੂਤ ਬਣਾਇਆ। ਇਨ੍ਹਾਂ ਅਧਿਆਪਕਾਂ ਨੇ ਉਸਨੂੰ ਹਰ ਪੱਖੋਂ ਤਿਆਰ ਕੀਤਾ ਅਤੇ ਆਤਮ-ਵਿਸ਼ਵਾਸ ਨਾਲ ਭਰਪੂਰ ਕੀਤਾ।

ਸਕੂਲ ਦੇ ਹੋਰ ਅਧਿਆਪਕ ਜਿਵੇਂ ਕਿ ਬਰਜਿੰਦਰ ਕੁਮਾਰ, ਦੀਪਕ ਕੁਮਾਰ, ਅਨੀਤਾ ਰਾਣੀ, ਰਾਜੇਸ਼ ਸ਼ਰਮਾ, ਅਦਿਤੀ, ਰੇਣੂ ਅਤੇ ਸਾਰੇ ਸਟਾਫ ਨੇ ਵੀ ਇਸ ਇਤਿਹਾਸਕ ਉਪਲਬਧੀ ਤੇ ਖੁਸ਼ੀ ਜਤਾਈ ਅਤੇ ਪ੍ਰਭਜੋਤ ਨੂੰ ਰੌਸ਼ਨ ਭਵਿੱਖ ਲਈ ਸ਼ੁਭਕਾਮਨਾਵਾਂ ਦਿੱਤੀਆਂ। ਸਭ ਨੇ ਕਿਹਾ ਕਿ ਪ੍ਰਭਜੋਤ ਦੀ ਇਹ ਜਿੱਤ ਹੋਰ ਵਿਦਿਆਰਥੀਆਂ ਲਈ ਵੀ ਪ੍ਰੇਰਣਾ ਬਣੇਗੀ।

ਪ੍ਰਧਾਨਾਚਾਰਿਆ ਸ਼੍ਰੀ ਮਨੋਜ ਕੁਮਾਰ ਨੇ ਇਸ ਮੌਕੇ ਤੇ ਕਿਹਾ ਕਿ ਪ੍ਰਭਜੋਤ ਦੀ ਸਫਲਤਾ ਸਕੂਲ ਅਤੇ ਜ਼ਿਲ੍ਹੇ ਲਈ ਮਾਣ ਦਾ ਵਿਸ਼ਾ ਹੈ। ਸਕੂਲ ਭਵਿੱਖ ਵਿੱਚ ਵੀ ਅਜਿਹੀਆਂ ਲਾਇਕ ਵਿਦਿਆਰਥਣਾਂ ਨੂੰ ਹਰ ਸੰਭਵ ਸਹਿਯੋਗ ਦਿੰਦਾ ਰਹੇਗਾ।

ਪ੍ਰਭਜੋਤ ਦੀ ਇਹ ਜਿੱਤ ਸਿਰਫ ਨਿੱਜੀ ਨਹੀਂ, ਸਗੋਂ ਇਹ ਦਿਖਾਉਂਦੀ ਹੈ ਕਿ ਪੰਜਾਬ ਦੀਆਂ ਧੀਆਂ ਵੀ ਰਾਸ਼ਟਰੀ ਪੱਧਰ ਤੇ ਆਪਣੀ ਲਿਆਕਤ ਮਨਵਾਉਣ ਦੀ ਸਮਰੱਥਾ ਰੱਖਦੀਆਂ ਹਨ। ਇਹ ਕਾਮਯਾਬੀ ਪਿੰਡਾਂ ਦੇ ਬੱਚਿਆਂ ਲਈ ਵੀ ਪ੍ਰੇਰਣਾ ਹੈ ਕਿ ਜੇ ਰਸਤਾ ਸਹੀ ਹੋਵੇ ਤੇ ਮਿਹਨਤ ਨਿਰੰਤਰ ਹੋਵੇ, ਤਾਂ ਉਹ ਵੀ ਦੇਸ਼ ਦਾ ਨਾਂ ਰੌਸ਼ਨ ਕਰ ਸਕਦੇ ਹਨ।

# ਸੇਫ ਸਕੂਲ ਵਾਹਨ ਪਾਲਿਸੀ ਤਹਿਤ ਕੀਤੇ 14 ਸਕੂਲੀ ਬੱਸਾਂ ਦੇ ਚਲਾਨ



ਬਰਨਾਲਾ, 3 ਮਈ

ਸ੍ਰੀ ਟੀ. ਬੈਨਿਥ ਡਿਪਟੀ ਕਮਿਸ਼ਨਰ ਬਰਨਾਲਾ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਸ੍ਰੀ ਕੁਲਵਿੰਦਰ ਸਿੰਘ ਰੰਧਾਵਾ ਜ਼ਿਲ੍ਹਾ ਪ੍ਰੋਗਰਾਮ ਅਫ਼ਸਰ ਬਰਨਾਲਾ ਦੀ ਅਗਵਾਈ ਹੇਠ ਜ਼ਿਲ੍ਹੇ ਵਿਚ ਸੇਫ ਸਕੂਲ ਵਾਹਨ ਪਾਲਿਸੀ ਤਹਿਤ ਵਾਈ ਐਸ ਸਕੂਲ, ਹੰਡਿਆਇਆ ਅਤੇ ਮਦਰ ਟੀਚਰ ਸਕੂਲ ਦੇ ਵਾਹਨਾਂ ਦੀ ਚੈਕਿੰਗ ਕੀਤੀ ਗਈ।

ਇਸ ਦੌਰਾਨ 52 ਦੇ ਕਰੀਬ ਸਕੂਲੀ ਬੱਸਾਂ ਦੀ ਚੈਕਿੰਗ ਕੀਤੀ ਗਈ ਜਿਸ ਵਿਚ ਵਾਈ ਐਸ ਸਕੂਲ ਦੀਆਂ 14 ਬੱਸਾਂ ਦੇ ਚਲਾਨ ਕੱਟੇ ਗਏ ਜੋ ਕਿ ਸੇਫ ਸਕੂਲ ਵਾਹਨ ਪਾਲਿਸੀ ਦੀਆਂ ਸ਼ਰਤਾਂ ਅਨੁਸਾਰ ਢੁੱਕਵੀਆਂ ਨਹੀਂ ਸਨ। ਇਸ ਮੌਕੇ ਬਾਲ ਸੁਰੱਖਿਆ ਅਫ਼ਸਰ ਸ੍ਰੀਮਤੀ ਗੁਰਜੀਤ ਕੌਰ ਨੇ ਦੱਸਿਆ ਸੇਫ ਸਕੂਲ ਵਾਹਨ ਪਾਲਿਸੀ ਦੀਆਂ ਹਦਾਇਤਾਂ ਅਨੁਸਾਰ ਹਰ ਸਕੂਲੀ ਵੈਨ ਵਿਚ ਸੀ.ਸੀ. ਟੀ.ਵੀ ਕੈਮਰਾ, ਖਿੜਕੀ ਤੇ ਲੋਹੇ ਦੀ ਗਰਿੱਲ, ਮੁਢੱਲੀ ਸਹਾਇਤਾ ਬਾਕਸ, ਮਹਿਲਾ ਕਡੰਕਟਰ, ਅੱਗ ਬੁਝਾਊ ਯੰਤਰ, ਲਾਇਸੈਂਸ, ਹੋਣਾ ਲਾਜ਼ਮੀ ਹੈ । ਉਨ੍ਹਾਂ ਕਿਹਾ ਕਿ ਕਿਸੇ ਵੀ ਸਕੂਲ ਬੱਸ ਵਿਚ ਲੋੜ ਤੋਂ ਵੱਧ ਬੱਚੇ ਨਹੀਂ ਬੈਠੇ ਹੋਣੇ ਚਾਹੀਦੇ ਅਤੇ ਹਰ ਡਰਾਇਵਰ ਹਦਾਇਤਾਂ ਅਨੁਸਾਰ ਵਰਦੀ ਵਿਚ ਹੋਣਾ ਚਾਹੀਦਾ ਹੈ। ਕੋਈ ਵੀ ਡਰਾਇਵਰ ਨਸ਼ੀਲੇ ਪਦਾਰਥ ਦਾ ਸੇਵਨ ਕਰਕੇ ਵੈਨ ਨਹੀਂ ਚਲਾਏਗਾ। ਇਸ ਮੌਕੇ ਉਪ ਜ਼ਿਲ੍ਹਾ ਸਿੱਖਿਆ ਅਫ਼ਸਰ ਸ੍ਰੀ ਬਰਜਿੰਦਰਪਾਲ ਸਿੰਘ ਨੇ ਦੱਸਿਆ ਕਿ ਜੇਕਰ ਕੋਈ ਵੀ ਇਨ੍ਹਾਂ ਨਿਯਮਾਂ ਦੀ ਉਲੰਘਣਾ ਕਰਦਾ ਹੋਇਆ ਪਾਇਆ ਗਿਆ ਤਾਂ ਸੇਫ ਸਕੂਲ ਵਾਹਨ ਪਾਲਿਸੀ ਦੀਆਂ ਸ਼ਰਤਾਂ ਮੁਤਾਬਿਕ ਉਨ੍ਹਾਂ ਖਿਲਾਫ ਕਾਨੂੰਨੀ ਕਾਰਵਾਈ ਅਮਲ ਵਿਚ ਲਿਆਂਦੀ ਜਾਵੇਗੀ।

ਇਸ ਮੌਕੇ ਸ੍ਰੀ ਰੁਪਿੰਦਰ ਸਿੰਘ ਬਾਲ ਸਰੁੱਖਿਆ ਅਫ਼ਸਰ, ਮੈਡਮ ਪ੍ਰਿਤਪਾਲ ਕੋਰ, ਸ੍ਰੀ ਬਲਵਿੰਦਰ ਸਿੰਘ, ਟਰੈਫਿਕ ਵਿਭਾਗ ਤੋਂ ਗੁਰਚਰਨ ਸਿੰਘ ਸ਼ਾਮਿਲ ਸਨ।